ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 22 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੯ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ ਸਕੂਲਾਂ ’ਚ ਹੁਣ ਚੁੱਲ੍ਹਿਆਂ ’ਤੇ ਬਣ ਰਿਹਾ ਮਿਡ-ਡੇ ਮੀਲ, ਬਦਲਵੇਂ ਪ੍ਰਬੰਧਾਂ ਦੇ ਹੁਕਮ

**ਚੰਡੀਗੜ੍ਹ, 21 ਮਾਰਚ (ਆਵਾਜ਼ਿ ਕੌਮ ਬਿਊਰੋ)**-ਮਿਡਲ ਈਸਟ (ਮੱਧ ਪੂਰਬ) ਵਿੱਚ ਵਧਦੇ ਤਣਾਅ ਕਾਰਨ ਭਾਰਤ ਵਿੱਚ ਐਲਪੀਜੀ ਗੈਸ ਦੀ ਸਪਲਾਈ ਪ੍ਰਭਾਵਿਤ ਹੋਈ ਹੈ, ਜਿਸ ਦਾ ਸਿੱਧਾ ਅਸਰ ਹੁਣ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਮਿਡ-ਡੇ ਮੀਲ ਯੋਜਨਾ ’ਤੇ ਦੇਖਣ ਨੂੰ ਮਿਲ ਰਿਹਾ ਹੈ। ਗੈਸ ਸਿਲੰਡਰਾਂ ਦੀ ਕਿੱਲਤ ਕਾਰਨ ਸੂਬੇ ਦੇ ਕਈ ਸਕੂਲਾਂ ਵਿੱਚ ਬੱਚਿਆਂ ਲਈ ਖਾਣਾ ਹੁਣ ਰਵਾਇਤੀ ਚੁੱਲ੍ਹਿਆਂ ’ਤੇ ਲੱਕੜਾਂ ਬਾਲ ਕੇ ਤਿਆਰ ਕੀਤਾ ਜਾ ਰਿਹਾ ਹੈ। ਅੰਮ੍ਰਿਤਸਰ ਦੇ ਸਰਕਾਰੀ ਹਾਈ ਸਕੂਲ ਇੱਬਣ ਕਲਾਂ ਵਿੱਚ ਪਿਛਲੇ ਚਾਰ ਦਿਨਾਂ ਤੋਂ ਮਿਡ-ਡੇ ਮੀਲ ਲੱਕੜਾਂ ’ਤੇ ਬਣਾਇਆ ਜਾ ਰਿਹਾ ਹੈ। ਸਕੂਲ ਦੇ ਪ੍ਰਿੰਸੀਪਲ ਅਨੁਸਾਰ, ਰੋਜ਼ਾਨਾ ਲਗਭਗ 10 ਤੋਂ 15 ਕਿਲੋ ਲੱਕੜ ਦੀ ਖਪਤ ਹੋ ਰਹੀ ਹੈ। ਗੈਸ ਦੀ ਕਮੀ ਦੇ ਬਾਵਜੂਦ, ਸਕੂਲ ਪ੍ਰਬੰਧਕ ਇਹ ਯਕੀਨੀ ਬਣਾ ਰਹੇ ਹਨ ਕਿ ਬੱਚਿਆਂ ਨੂੰ ਸਮੇਂ ਸਿਰ ਖਾਣਾ ਮਿਲੇ ਤਾਂ ਜੋ ਉਨ੍ਹਾਂ ਦੀ ਪੜ੍ਹਾਈ ਅਤੇ ਸਿਹਤ ’ਤੇ ਕੋਈ ਅਸਰ ਨਾ ਪਵੇ। ਸਿੱਖਿਆ ਵਿਭਾਗ ਨੇ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਕਿਸੇ ਵੀ ਸੂਰਤ ਵਿੱਚ ਬੱਚਿਆਂ ਦਾ ਖਾਣਾ ਬੰਦ ਨਹੀਂ ਹੋਣਾ ਚਾਹੀਦਾ। ਸਰਕਾਰ ਨੇ ਸਕੂਲਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਜੇਕਰ ਗੈਸ ਸਿਲੰਡਰ ਉਪਲਬਧ ਨਹੀਂ ਹਨ, ਤਾਂ ਲੱਕੜ, ਬਿਜਲੀ ਜਾਂ ਕਿਸੇ ਵੀ ਹੋਰ ਬਦਲਵੇਂ ਸਾਧਨ ਰਾਹੀਂ ਭੋਜਨ ਤਿਆਰ ਕੀਤਾ ਜਾਵੇ। ਪ੍ਰਸ਼ਾਸਨ ਨੇ ਇਹ ਵੀ ਸਾਫ਼ ਕੀਤਾ ਹੈ ਕਿ ਭੋਜਨ ਦੀ ਗੁਣਵੱਤਾ ਅਤੇ ਨਿਯਮਿਤਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

## ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਸਿਰ ਚੜ੍ਹ

# ਪੰਜਾਬ ਵੇਅਰਹਾਊਸ ਕਾਰਪੋਰੇਸ਼ਨ ਦੇ ਡੀ. ਐਮ. ਨੇ ਕੀਤੀ ਖੁਦਕੁਸ਼ੀ

**ਚੰਡੀਗੜ੍ਹ, 21 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵੇਅਰ ਹਾਊਸ ਕਾਰਪੋਰੇਸ਼ਨ ਦੇ ਡੀਐਮ ਗਗਨਦੀਪ ਸਿੰਘ ਰੰਧਾਵਾ ਨੇ ਸਲਫਾਸ ਨਿਗਲ ਕੇ ਆਪਣੀ ਜਾਨ ਦੇ ਦਿੱਤੀ। ਮੌਤ ਤੋਂ ਪਹਿਲਾਂ ਡੀਐਮ ਗਗਨਦੀਪ ਸਿੰਘ ਰੰਧਾਵਾ ਨੇ ਵੀਡੀਓ ਬਣਾਈ ਸੀ ਜਿਸ ’ਚ ਉਸ ਨੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਆਪਣੀ ਮੌਤ ਦਾ ਜਿੰਮੇਵਾਰ ਦੱਸਿਆ। ਨਾਲ ਹੀ ਭੁੱਲਰ ’ਤੇ ਕਈ ਵੱਡੇ ਇਲਜ਼ਾਮ ਵੀ ਲਗਾਏ। ਨਿਊਜ਼ ਵੀਡੀਓ ’ਚ ਡੀਐਮ ਗਗਨਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਲਾਲਜੀਤ ਸਿੰਘ ਭੁੱਲਰ ਉਸ ’ਤੇ ਦਬਾਅ ਬਣਾ ਰਹੇ ਸੀ। ਆਪਣੇ ਨਜ਼ਦੀਕੀਆਂ ਨੂੰ ਟੈਂਡਰ ਦਿਵਾਉਣਾ ਚਾਹੁੰਦੇ ਸੀ। ਹਾਲਾਂਕਿ ਇਸ ਮਾਮਲੇ ਮਗਰੋਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਅਸਤੀਫਾ ਦੈ ਦਿੱਤਾ ਹੈ।





**ਮਾਮਲੇ ਮਗਰੋਂ ਲਾਲਜੀਤ ਸਿੰਘ ਭੁੱਲਰ ਨੇ ਦਿੱਤਾ ਅਸਤੀਫਾ :** ਇਸ ਤੋਂ ਇਲਾਵਾ ਪੰਜਾਬ ਵੇਅਰ ਹਾਊਸ ਕਾਰਪੋਰੇਸ਼ਨ ਦੇ ਡੀਐਮ ਦੀ ਮੌਤ ਮਗਰੋਂ ਵੱਡਾ ਐਕਸ਼ਨ ਵੀ ਹੋਇਆ। ਸੀਐੱਮ ਭਗਵੰਤ ਮਾਨ ਨੇ ਚੀਫ ਸੈਕਟਰੀ ਨੂੰ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਹਨ।

**ਵਿਰੋਧੀਆਂ ਨੇ ਘੇਰੀ ਮਾਨ ਸਰਕਾਰ :** ਡੀਐਮ ਦੇ ਮੌਤ ਮਗਰੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਮਾਨ ਸਰਕਾਰ ਨੂੰ ਘੇਰਿਆ। ਉਨ੍ਹਾਂ ਨੇ ਕਿਹਾ ਕਿ ਲਾਲਜੀਤ ਸਿੰਘ ਭੁੱਲਰ ਖਿਲਾਫ਼ 302 ਦਾ ਮੁਕੱਦਮਾ ਦਰਜ ਕਰਕੇ ਗ੍ਰਿਫਤਾਰੀ ਦੀ ਮੰਗ ਕੀਤੀ ਹੈ। ਇਸ ਘਟਨਾ ਤੋਂ ਬਾਅਦ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਹਸਪਤਾਲ ਦਾ ਦੌਰਾ ਕੀਤਾ ਅਤੇ ਇਸ ਮਾਮਲੇ ’ਤੇ ਸੂਬਾ ਸਰਕਾਰ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਦੇ ਦੋਸ਼ ਗੰਭੀਰ ਹਨ ਅਤੇ ਸਪੱਸ਼ਟ ਤੱਥ ਸਾਹਮਣੇ ਲਿਆਉਣ ਲਈ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਜ਼ਰੂਰੀ ਹੈ। ਫਿਲਹਾਲ, ਪੁਲਿਸ ਅਤੇ ਸਬੰਧਤ ਵਿਭਾਗ ਮਾਮਲੇ ਦੀ ਜਾਂਚ ਕਰ ਰਹੇ ਹਨ। ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਭਵਿੱਖ ਦੀ ਕਾਰਵਾਈ ਸਪੱਸ਼ਟ ਹੋਵੇਗੀ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੰਮ੍ਰਿਤਸਰ ਵੇਅਰ ਹਾਊਸ ਕਾਰਪੋਰੇਸ਼ਨ ਦੇ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ ਦੀ ਖ਼ੁਦਕੁਸ਼ੀ ਦੇ ਮਾਮਲੇ ਵਿੱਚ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਉਨ੍ਹਾਂ ਨੇ ਇਸ ਮਾਮਲੇ ਵਿੱਚ ਲਾਲਜੀਤ ਭੁੱਲਰ ’ਤੇ ਕਤਲ ਦਾ ਪਰਚਾ ਦਰਜ ਕਰਕੇ ਉਨ੍ਹਾਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਅਤੇ ਪੂਰੇ ਮਾਮਲੇ ਦੀ ਸੀ. ਬੀ. ਆਈ. ਜਾਂਚ ਕਰਵਾਉਣ ਦੀ ਮੰਗ ਕੀਤੀ ਹੈ।

## ਵਰਿੰਦਰ ਘੁੰਮਣ ਦੀ ਮੌਤ ਮਾਮਲੇ ’ਚ ਫੋਰਟਿਸ ਹਸਪਤਾਲ ਦੇ 4 ਡਾਕਟਰਾਂ ਖਿਲਾਫ਼ ਕੇਸ ਦਰਜ, ਅਪ੍ਰੇਸ਼ਨ ਤੋਂ ਬਾਅਦ ਹੋਈ ਸੀ ਘੁੰਮਣ ਦੀ ਮੌਤ

**ਅੰਮ੍ਰਿਤਸਰ, 21 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਪ੍ਰਸਿੱਧ ਬਾਡੀ ਬਿਲਡਰ ਵਰਿੰਦਰ ਸਿੰਘ ਘੁੰਮਣ ਦੀ ਮੌਤ ਦੇ ਮਾਮਲੇ ਵਿੱਚ ਅੰਮ੍ਰਿਤਸਰ ਪੁਲਿਸ ਨੇ ਵੱਡੀ ਕਾਰਵਾਈ ਕੀਤੀ ਹੈ। ਪੁਲਿਸ ਨੇ ਫੋਰਟਿਸ ਹਸਪਤਾਲ ਦੇ 4 ਡਾਕਟਰਾਂ ਖਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਨੇ ਫੋਰਟਿਸ ਹਸਪਤਾਲ ਦੇ ਡਾਕਟਰਾਂ ਵਿਰੁੱਧ ਬੀਐਨਐਸ ਦੀ ਧਾਰਾ 106(1) ਦੇ ਤਹਿਤ ਲਾਪਰਵਾਹੀ ਲਈ ਮਾਮਲਾ ਦਰਜ ਕੀਤਾ ਗਿਆ ਹੈ। ਐਫਆਈਆਰ ਵਿੱਚ ਫੋਰਟਿਸ ਐਸਕਾਰਟਸ ਹਸਪਤਾਲ ਦੇ ਆਰਥੋਪੈਡਿਕ ਸਰਜਨ ਡਾ. ਤਾਪਿਸ਼ ਸ਼ੁਕਲਾ, ਕੰਸਲਟੈਂਟ ਅਨੱਸਥੀਸੀਆ ਡਾ. ਅਲਕਾ ਤਿਵਾੜੀ, ਅਨੱਸਥੀਸੀਆ ਵਿਭਾਗ ਦੇ ਮੁਖੀ ਡਾ. ਰਾਜੇਂਦਰ ਕੌਰ ਅਤੇ ਕੰਸਲਟੈਂਟ ਕਾਰਡੀਓਲੋਜੀ ਵਿਭਾਗ ਡਾ. ਅਰੁਣ ਕੁਮਾਰ ਚੋਪੜਾ ਦੇ ਨਾਮ ਸ਼ਾਮਲ ਹਨ। ਜ਼ਿਕਰਯੋਗ ਹੈ ਕਿ ਵਰਿੰਦਰ ਘੁੰਮਣ ਦੀ 9 ਅਕਤੂਬਰ ਨੂੰ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਸੀ। ਉਪਰੰਤ, ਘੁੰਮਣ ਦੇ ਪਰਿਵਾਰ ਨੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਕੀਤੀ ਸੀ ਅਤੇ ਹਸਪਤਾਲ ’ਤੇ ਇਲਾਜ ਦੌਰਾਨ ਲਾਪਰਵਾਹੀ ਦੇ ਇਲਜ਼ਾਮ ਲਾਏ ਸੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਆਪ੍ਰੇਸ਼ਨ ਤੋਂ ਬਾਅਦ ਲਾਸ਼ ਦੀ ਹਾਲਤ ਸ਼ੱਕੀ ਸੀ। ਮ੍ਰਿਤਕ ਦੇਹ ਸਿਰ ਤੋਂ ਮੋਢੇ ਤੱਕ ਕਾਲੀ ਅਤੇ ਨੀਲੀ ਪੈ ਗਈ ਸੀ, ਜਿਸ ਕਾਰਨ ਸਵਾਲ ਖੜ੍ਹੇ ਹੋ ਗਏ ਸਨ। ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਦੀ ਵਿਸ਼ੇਸ਼ ਜਾਂਚ ਟੀਮ ਜਿਸ ਵਿੱਚ ਮਾਹਰ ਡਾਕਟਰ ਸ਼ਾਮਲ ਸਨ, ਵਰਿੰਦਰ ਘੁੰਮਣ ਦੀ ਮੌਤ ਦੀ ਜਾਂਚ ਕਰ ਰਹੀ ਸੀ। ਪਿਛਲੇ ਮਹੀਨੇ, SIT ਨੇ ਆਪਣੀ ਰਿਪੋਰਟ ਪੇਸ਼ ਕੀਤੀ, ਜਿਸ ਵਿੱਚ ਸਪੱਸ਼ਟ ਤੌਰ ’ਤੇ ਕਿਹਾ ਗਿਆ ਸੀ ਕਿ ਵਰਿੰਦਰ ਘੁੰਮਣ ਦੀ ਮੌਤ ਹਸਪਤਾਲ ਵਿੱਚ ਆਪ੍ਰੇਸ਼ਨ ਦੌਰਾਨ ਡਾਕਟਰਾਂ ਦੀ ਲਾਪਰਵਾਹੀ ਕਾਰਨ ਹੋਈ ਸੀ। ਆਪ੍ਰੇਸ਼ਨ ਦੌਰਾਨ ਕਿਸੇ ਵੀ ਪ੍ਰੋਟੋਕੋਲ ਦੀ ਪਾਲਣਾ ਨਹੀਂ ਕੀਤੀ ਗਈ।



## ਸ਼੍ਰੋਮਣੀ ਅਕਾਲੀ ਦਲ ਨੇ ਕੀਤੀਆਂ ਨਵੀਆਂ ਨਿਯੁਕਤੀਆਂ

**ਚੰਡੀਗੜ੍ਹ, 21 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਆਰ. ਟੀ. ਆਈ. ਸੈੱਲ ਦੇ ਪ੍ਰਧਾਨ ਐਡਵੋਕੇਟ ਪਰਮਵੀਰ ਸਿੰਘ ਸੰਨੀ ਨਾਲ ਵਿਚਾਰ ਵਟਾਂਦਰੇ ਉਪਰੰਤ ਪਾਰਟੀ ਦੇ ਆਰ. ਟੀ. ਆਈ. ਸੈੱਲ ਦੇ ਜਥੇਬੰਦਕ ਢਾਂਚੇ ’ਚ ਵਾਧਾ ਕਰਦਿਆਂ ਦੂਜੀ ਸੂਚੀ ਜਾਰੀ ਕੀਤੀ। ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਜਿਨ੍ਹਾਂ ਨੂੰ ਸੀਨੀਅਰ ਮੀਤ ਪ੍ਰਧਾਨ ਬਣਾਇਆ ਗਿਆ ਹੈ, ਉਨ੍ਹਾਂ ’ਚ ਰਣਜੀਤ ਸਿੰਘ, ਕਮਲਜੀਤ ਸਿੰਘ, ਦਮਨ ਬਦੇਸ਼ਾ, ਐੱਸ. ਐੱਸ. ਭਾਰਦਵਾਜ, ਗੁਰਨਾਮ ਸਿੰਘ, ਪਰਮਜੀਤ ਸਿੰਘ ਤੇਜ, ਕਰਨਜੀਤ ਸਿੰਘ ਰੰਧਾਵਾ, ਰਾਜਕੰਵਲਬੀਰ ਸਿੰਘ ਸੰਧੂ ਸ਼ਾਮਲ ਹਨ। ਸ਼ਿਵ ਸ਼ਰਮਾ ਤੇ ਅਮਰੀਕ ਸਿੰਘ ਰਾਣਾ ਨੂੰ ਪਾਰਟੀ ਦੇ ਆਰ. ਟੀ. ਆਈ. ਸੈੱਲ ਦਾ ਐਡਵਾਈਜ਼ਰ ਨਿਯੁਕਤ ਕੀਤਾ ਗਿਆ ਹੈ।

ਜਨਰਲ ਸਕੱਤਰ: ਜਸਪ੍ਰੀਤ ਸਿੰਘ, ਗੁਰਸਿਮਰਨ ਸਿੰਘ ਜੋਸਨ ਤੇ ਇਕਬਾਲ ਸਿੰਘ

ਮੀਤ ਪ੍ਰਧਾਨ: ਮੰਜੂ ਜਿੰਦਲ, ਚੰਦਰ ਕਾਂਤ, ਸਤੀਸ਼ ਸਿੰਘ, ਅੰਮ੍ਰਿਤਪਾਲ ਸਿੰਘ ਮੋਹਰ, ਜਸਪ੍ਰੀਤ ਸਿੰਘ ਬੱਲ, ਰਾਜਨ ਕਟਾਰੀਆ, ਰਣਜੀਤ ਸਿੰਘ ਚੀਚਾ

ਸਕੱਤਰ: ਨਵਦੀਪ ਸਿੰਘ, ਮਨੀ ਚੋਪੜਾ, ਮਨਪ੍ਰੀਤ ਸਿੰਘ, ਅਤੁਲ ਸ਼ਰਮਾ

ਸੰਯੁਕਤ ਸਕੱਤਰ: ਕੋਮਲਪ੍ਰੀਤ ਸਿੰਘ ਚੀਮਾ, ਦੀਪਕ ਸ਼ਰਮਾ ਤੇ ਲਖਨਪਾਲ ਸਿੰਘ ਸਰਲੀ

ਜ਼ਿਲ੍ਹਾ ਪ੍ਰਧਾਨ: ਬਿਕਰਮਜੀਤ ਸਿੰਘ ਆਹਲੂਵਾਲੀਆ ਬਠਿੰਡਾ, ਰਜਿੰਦਰ ਧੀਮਾਨ ਰੂਪਨਗਰ, ਕਰਮਜੀਤ ਸਿੰਘ ਫ਼ਾਜ਼ਿਲਕਾ, ਸੂਰਜ ਹੁਸ਼ਿਆਰਪੁਰ, ਰਾਜਵੀਰ ਪਰਮਾਰ ਫਗਵਾੜਾ, ਐੱਸ. ਐੱਸ. ਭੁੱਲਰ ਪਠਾਨਕੋਟ, ਰਾਜਨਬੀਰ ਸਿੰਘ ਭੌਜੀਆਂ ਤਰਨਤਾਰਨ, ਓਂਕਾਰ ਸਿੰਘ ਮਿੱਤਲ ਮਾਨਸਾ, ਮੁਹੰਮਦ ਉਮਰ ਮਾਲੇਰਕੋਟਲਾ, ਮੰਗਲ ਸਿੰਘ ਫਿਲੌਰ, ਹਰਜੀਤ ਸਿੰਘ ਸਧਾਰਨੀਆਂ ਪਟਿਆਲਾ, ਸੁਪਨ ਵਾਲੀਆ ਕਪੂਰਥਲਾ, ਸ਼ੀਤਲ ਸ਼ਰਮਾ ਫ਼ਤਿਹਗੜ੍ਹ ਸਾਹਿਬ, ਜਤਿੰਦਰ ਸਿੰਘ ਕਿੰਗਰਾ ਮੋਗਾ, ਬਲਵੰਤ ਸਿੰਘ ਸ਼ਹੀਦ ਭਗਤ ਸਿੰਘ ਨਗਰ ਤੇ ਜਗਦੀਪ ਸਿੰਘ ਸੰਧੂ ਬਰਨਾਲਾ

**ਜ਼ਿਲ੍ਹਿਆਂ ਦੀ ਕਾਰਜਕਾਰਨੀ ਦੇ ਨਵਨਿਯੁਕਤ ਮੈਂਬਰ:** ਜ਼ਿਲ੍ਹਾ ਅੰਮ੍ਰਿਤਸਰ ’ਚ ਆਕਾਸ਼ਦੀਪ ਸਿੰਘ, ਸਹਿਜਪ੍ਰੀਤ ਸਿੰਘ, ਗੁਰਇਕਬਾਲ ਸਿੰਘ ਰੰਧਾਵਾ, ਮਨਦੀਪ ਸਿੰਘ, ਸੰਦੀਪ ਸਿੰਘ, ਜਸ਼ਨਦੀਪ ਸਿੰਘ, ਨਵਸ਼ੇਰ ਸਿੰਘ ਮਾਨ, ਸਵਜੀਤ ਸਿੰਘ ਸਿਆਲਕਾ, ਹਰਜਿੰਦਰ ਸਿੰਘ, ਜਗਦੀਪ ਸਿੰਘ ਬੱਬਰ, ਸਰਬਜੀਤ ਸਿੰਘ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ’ਚ ਵਰਿੰਦਰ ਸਿੰਘ, ਮੋਹਿਤ ਕੁਮਾਰ ਪੁਰੀ, ਫ਼ਿਰੋਜ਼ਪੁਰ ’ਚ ਗੁਰਬਚਨ ਸਿੰਘ, ਨੀਲਕਮਲ ਬਸੰਭੂ, ਜ਼ਿਲਾ ਗੁਰਦਾਸਪੁਰ ’ਚ ਅਮਨਦੀਪ ਸਿੰਘ, ਜਤਿੰਦਰ ਸਿੰਘ, ਮਨੀਸ਼ ਕੁਮਾਰ, ਜ਼ਿਲਾ ਜਲੰਧਰ ’ਚ ਹਰਮਿੰਦਰ ਸਿੰਘ ਮਾਹਲ, ਹਰਮੇਲ ਸਿੰਘ ਮੱਲੀ, ਇੰਦਰਪਾਲ ਸਿੰਘ, ਗੁਲਸ਼ਨ ਕਟਾਰੀਆ, ਜ਼ਿਲਾ ਕਪੂਰਥਲਾ ’ਚ ਐਡਵੋਕੇਟ ਜੂਹੀ, ਸੰਦੀਪ ਸਿੰਘ, ਕੁਲਵੀਰ ਸਿੰਘ ਫਗਵਾੜਾ, ਜ਼ਿਲਾ ਲੁਧਿਆਣਾ ’ਚ ਨਿਤਿਲ ਅਰੋੜਾ, ਮਨਜੋਤ ਸਿੰਘ ਗਿੱਲ, ਮਨਿੰਦਰ ਸਿੰਘ ਗਿੱਲ, ਗਗਨਦੀਪ ਕਪੂਰ, ਤਾਨੀਸ਼ ਨਾਰੰਗ, ਹਰਮਨਜੀਤ ਸਿੰਘ, ਸੁਖਪਾਲ ਸਿੰਘ ਮੁੱਲਾਂਪੁਰ ਦਾਖਾਂ ਤੇ ਲਵਦੀਪ ਸਿੰਘ ਸਾਹਨੇਵਾਲ, ਜ਼ਿਲਾ ਮੋਗਾ ’ਚ ਅਮਨਦੀਪ ਕੌਰ ਧਾਲੀਵਾਲ, ਜ਼ਿਲਾ ਮੋਹਾਲੀ ’ਚ ਕੁਲਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਸਲਾਹਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਤੋਂ ਐਡਵੋਕੇਟ ਵਰਿੰਦਰ ਸਿੰਘ, ਜ਼ਿਲਾ ਪਠਾਨਕੋਟ ਐਡਵੋਕੇਟ ਗੌਰਵ ਸ਼ਰਮਾ।

## ਇਰਾਨ ਵੱਲੋਂ ਸ਼ਕਤੀ ਪ੍ਰਦਰਸ਼ਨ, 4000 ਕਿਲੋਮੀਟਰ ਦੂਰ ਮਾਰੀਆਂ ਮਿਜ਼ਾਈਲਾਂ



**ਤਹਿਰਾਨ, 21 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ ਦੇ ਵਿਚਕਾਰ ਈਰਾਨ ਨੇ ਹਿੰਦ ਮਹਸਾਗਰ ਵਿੱਚ ਸਥਿਤ ਅਮਰੀਕਾ ਅਤੇ ਬਰਤਾਨੀਆ ਦੇ ਸਾਂਝੇ ਫੌਜੀ ਅੱਡੇ ਡਿਏਗੋ ਗਾਰਸੀਆ ’ਤੇ ਮਿਜ਼ਾਈਲ ਹਮਲਾ ਕੀਤਾ ਹੈ। ’ਵਾਲ ਸਟ੍ਰੀਟ ਜਰਨਲ’ ਦੀ ਇੱਕ ਰਿਪੋਰਟ ਅਨੁਸਾਰ, ਈਰਾਨ ਵੱਲੋਂ ਦਾਗੀਆਂ ਗਈਆਂ ਇਹ ਮਿਜ਼ਾਈਲਾਂ ਆਪਣੇ ਨਿਸ਼ਾਨੇ ’ਤੇ ਹਮਲਾ ਕਰਨ ਵਿੱਚ ਅਸਫਲ ਰਹੀਆਂ ਹਨ। ਜਾਣਕਾਰੀ ਮੁਤਾਬਕ, ਈਰਾਨ ਵੱਲੋਂ ਛੱਡੀ ਗਈ ਇੱਕ ਮਿਜ਼ਾਈਲ ਉਡਾਣ ਦੌਰਾਨ ਹੀ ਫੇਲ ਹੋ ਗਈ, ਜਦਕਿ ਦੂਜੀ ਮਿਜ਼ਾਈਲ ਨੂੰ ਰੋਕਣ ਲਈ ਅਮਰੀਕੀ ਜੰਗੀ ਜਹਾਜ਼ ਨੇ ਐੱਸ. ਐੱਮ.-3 ਇੰਟਰਸੈਪਟਰ ਦੀ ਵਰਤੋਂ ਕੀਤੀ। ਹਾਲਾਂਕਿ, ਅਜੇ ਤੱਕ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਅਮਰੀਕੀ ਇੰਟਰਸੈਪਟਰ ਮਿਜ਼ਾਈਲ ਨੂੰ ਰੋਕਣ ਵਿੱਚ ਸਫਲ ਰਿਹਾ ਜਾਂ ਨਹੀਂ। ਇਸ ਹਮਲੇ ਨੇ ਰੱਖਿਆ ਮਾਹਰਾਂ ਦੀ ਚਿੰਤਾ ਵਧਾ ਦਿੱਤੀ ਹੈ ਕਿਉਂਕਿ ਡਿਏਗੋ ਗਾਰਸੀਆ ਈਰਾਨ ਤੋਂ ਲਗਭਗ 3,800 ਤੋਂ 4,118 ਕਿਲੋਮੀਟਰ ਦੀ ਦੂਰੀ ’ਤੇ ਸਥਿਤ ਹੈ। ਇਸ ਤੋਂ ਪਹਿਲਾਂ ਇਹ ਮੰਨਿਆ ਜਾਂਦਾ ਸੀ ਕਿ ਇਹ ਫੌਜੀ ਅੱਡਾ ਈਰਾਨੀ ਮਿਜ਼ਾਈਲਾਂ ਦੀ ਮਾਰ ਤੋਂ ਬਾਹਰ ਹੈ। ਮਾਹਰਾਂ ਦਾ ਕਹਿਣਾ ਹੈ ਕਿ ਇਹ ਹਮਲਾ ਦਰਸਾਉਂਦਾ ਹੈ ਕਿ ਈਰਾਨ ਕੋਲ ਹੁਣ ਅਜਿਹੀਆਂ ਮਿਜ਼ਾਈਲਾਂ ਹਨ ਜਿਨ੍ਹਾਂ ਦੀ ਰੇਂਜ ਉਸਦੀਆਂ ਪਹਿਲਾਂ ਤੋਂ ਜਾਣੀਆਂ ਜਾਂਦੀਆਂ ਮਿਜ਼ਾਈਲਾਂ (ਜਿਵੇਂ ਕਿ 2,000-3,000 ਕਿਲੋਮੀਟਰ ਰੇਂਜ ਵਾਲੀ ਖੋਰਾਮਸ਼ਹਿਰ) ਨਾਲੋਂ ਕਿਤੇ ਜ਼ਿਆਦਾ ਹੈ। ਇਹ ਹਮਲਾ ਉਦੋਂ ਹੋਇਆ ਹੈ, ਜਦੋਂ ਹਾਲ ਹੀ ਵਿੱਚ ਬਰਤਾਨੀਆ ਨੇ ਅਮਰੀਕਾ ਨੂੰ ਈਰਾਨ ’ਤੇ ਹਮਲੇ ਕਰਨ ਲਈ ਆਪਣੇ ਇਸ ਫੌਜੀ ਅੱਡੇ ਦੀ ਵਰਤੋਂ ਕਰਨ ਦੀ ਇਜਾਜ਼ਤ ਦਿੱਤੀ ਸੀ। ਇਹ ਘਟਨਾਕ੍ਰਮ ਅਜਿਹੇ ਸਮੇਂ ਵਾਪਰ ਰਿਹਾ ਹੈ ਜਦੋਂ ਅਮਰੀਕਾ ਅਤੇ ਇਜ਼ਰਾਈਲ ਦੇ ਸਾਂਝੇ ਹਮਲੇ ਵਿੱਚ ਈਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਖਾਮੇਨੇਈ ਦੀ ਮੌਤ ਹੋ ਚੁੱਕੀ ਹੈ, ਜਿਸ ਕਾਰਨ ਖੇਤਰ ਵਿੱਚ ਜੰਗ ਵਰਗੀ ਸਥਿਤੀ ਬਣੀ ਹੋਈ ਹੈ।

## ਦੁਨੀਆਂ ਭਰ ਵਿੱਚ ਈਦ-ਉਲ-ਫਿਤਰ ਦੀ ਰੌਣਕ; ਪੰਜਾਬ ’ਚ ਵੀ ਵੱਖ-ਵੱਖ ਮਸਜਿਦਾਂ ’ਚ ਅਦਾ ਕੀਤੀ ਗਈ ਨਮਾਜ਼



**ਨਵੀਂ ਦਿੱਲੀ, 21 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਦੇਸ਼-ਵਿਦੇਸ਼ ਵਿੱਚ ਈਦ-ਉਲ-ਫਿਤਰ ਦਾ ਤਿਉਹਾਰ ਬੜੀ ਹੀ ਧੂਮ-ਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ। ਰਮਜ਼ਾਨ ਦੇ ਪਵਿੱਤਰ ਮਹੀਨੇ ਤੋਂ ਬਾਅਦ ਅੱਜ ਭਾਈਚਾਰਕ ਸਾਂਝ ਦਾ ਪ੍ਰਤੀਕ ਇਹ ਤਿਉਹਾਰ ਜਿੱਥੇ ਲੋਕਾਂ ਨੇ ਇਕੱਠੇ ਹੋ ਕੇ ਨਮਾਜ਼ ਅਦਾ ਕੀਤੀ ਅਤੇ ਇੱਕ-ਦੂਜੇ ਦੇ ਗਲੇ ਮਿਲ ਕੇ ਈਦ ਦੀ ਵਧਾਈ ਦਿੱਤੀ। ਸੰਗਰੂਰ ’ਚ ਅੱਜ ਸਵੇਰ ਤੋਂ ਹੀ ਮਸਜਿਦਾਂ ਵਿੱਚ ਰੌਣਕਾਂ ਦੇਖਣ ਨੂੰ ਮਿਲ ਰਹੀਆਂ ਹਨ। ਇਸ ਦੌਰਾਨ ਮੌਲਾਨਾ ਸਾਬ੍ਹ ਵੱਲੋਂ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ ਗਿਆ। ਈਦ ਦੀ ਨਮਾਜ਼ ਤੋਂ ਬਾਅਦ ਖਾਸ ਦੁਆਵਾਂ ਮੰਗੀਆਂ ਗਈਆਂ ਤਾਂ ਜੋ ਦੇਸ਼ ਵਿੱਚ ਖੁਸ਼ਹਾਲੀ ਬਣੀ ਰਹੇ। ਇਸ ਮੌਕੇ ਬੱਚੇ, ਜਵਾਨ ਅਤੇ ਬਜ਼ੁਰਗ ਸਭ ਦੇ ਚਿਹਰਿਆਂ ’ਤੇ ਖੁਸ਼ੀ ਸਾਫ ਝਲਕ ਰਹੀ ਹੈ। ਲੋਕਾਂ ਨੇ ਇੱਕ-ਦੂਜੇ ਨੂੰ ਮਿਠਾਈਆਂ ਖੁਆ ਕੇ ਮੂੰਹ ਮਿੱਠਾ ਕਰਵਾਇਆ। ਈਦ ਦਾ ਇਹ ਦਿਨ ਸਾਨੂੰ ਨਫ਼ਰਤਾਂ ਨੂੰ ਭੁਲਾ ਕੇ ਮੁਹੱਬਤ ਦੇ ਰੰਗ ਵਿੱਚ ਰੰਗਣ ਦਾ ਸਬਕ ਦਿੰਦਾ ਹੈ। ਮਸਜਿਦ ਵਿੱਚ ਆਏ ਸ਼ਰਧਾਲੂਆਂ ਦਾ ਕਹਿਣਾ ਹੈ ਕਿ ਇਹ ਤਿਉਹਾਰ ਸਿਰਫ ਇੱਕ ਭਾਈਚਾਰੇ ਦਾ ਨਹੀਂ, ਸਗੋਂ ਸਮੂਹ ਮਨੁੱਖਤਾ ਲਈ ਪਿਆਰ ਦਾ ਸੁਨੇਹਾ ਹੈ। ਅਰਬੀ ਪਹਿਰਾਵੇ ਵਿੱਚ ਸਜੇ ਨੌਜਵਾਨ ਅਤੇ ਰਵਾਇਤੀ ਲਿਬਾਸ ਪਹਿਨੇ ਬਜ਼ੁਰਗਾਂ ਨੇ ਅੱਜ ਦੀ ਇਸ ਖੁਸ਼ੀ ਨੂੰ ਸਾਂਝਾ ਕੀਤਾ। ਅੰਮ੍ਰਿਤਸਰ ’ਚ ਵੀ ਮੁਸਲਿਮ ਭਾਈਚਾਰੇ ਵੱਲੋਂ ਈਦ-ਉਲ-ਫਿਤਰ ਨੂੰ ਬੜੀ ਸ਼ਾਨੋ-ਸ਼ੌਕਤ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰੇ ਸਵੇਰੇ ਮਸਜਿਦਾਂ ਵਿੱਚ ਨਮਾਜ਼ ਅਦਾ ਕਰਨ ਲਈ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ। ਖਾਸ ਕਰਕੇ ਖ਼ੈਰੂਦੀਨ ਜਾਮਾ ਮਸਜਿਦ ਵਿੱਚ ਹਜ਼ਾਰਾਂ ਸ਼ਰਧਾਲੂਆਂ ਨੇ ਇਕੱਠੇ ਹੋ ਕੇ ਨਮਾਜ਼ ਅਦਾ ਕੀਤੀ ਅਤੇ ਫਿਰ ਇਕ-ਦੂਜੇ ਨੂੰ ਗਲੇ ਮਿਲ ਕੇ ਈਦ ਦੀਆਂ ਮੁਬਾਰਕਾਂ ਦਿੱਤੀਆਂ। ਨਮਾਜ਼ ਤੋਂ ਬਾਅਦ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਪੂਰੀ ਦੁਨੀਆ ਵਿੱਚ ਅਮਨ ਅਤੇ ਸ਼ਾਂਤੀ ਕਾਇਮ ਰਹਿਣ ਲਈ ਖਾਸ ਦੁਆ ਕੀਤੀ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ ।**
**ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ।**

**ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ।**

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਅੱਜ ਦੇ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਜੀ ਦੇ ਜੀਵਨ ਤੋਂ ਸਿੱਖਿਆ ਲੈਣੀ ਚਾਹੀਦੀ ਹੈ...?

ਭਾਰਤ ਦੇ ਆਜ਼ਾਦੀ ਸੰਘਰਸ਼ ਦਾ ਇਤਿਹਾਸ ਬਹੁਤ ਹੀ ਮਹਾਨ ਅਤੇ ਪ੍ਰੇਰਣਾਦਾਇਕ ਹੈ। ਇਸ ਸੰਘਰਸ਼ ਵਿੱਚ ਕਈ ਮਹਾਨ ਯੋਧਿਆਂ ਨੇ ਆਪਣੇ ਜੀਵਨ ਦੀ ਬਲੀ ਦਿੱਤੀ, ਜਿਨ੍ਹਾਂ ਵਿੱਚ ਸ਼ਹੀਦ ਭਗਤ ਸਿੰਘ ਦਾ ਨਾਂ ਸਭ ਤੋਂ ਉੱਚੇ ਸਥਾਨ 'ਤੇ ਆਉਂਦਾ ਹੈ। ਉਹ ਸਿਰਫ਼ ਇਕ ਕ੍ਰਾਂਤੀਕਾਰੀ ਹੀ ਨਹੀਂ ਸਨ, ਸਗੋਂ ਇਕ ਉੱਚ ਵਿਚਾਰਾਂ ਵਾਲੇ ਯੁਵਕ, ਵੱਡੇ ਪਾਠਕ, ਲੇਖਕ ਅਤੇ ਸੋਚਵਾਨ ਵੀ ਸਨ। ਭਗਤ ਸਿੰਘ ਨੇ ਸਿਰਫ਼ 23 ਸਾਲ ਦੀ ਉਮਰ ਵਿੱਚ ਦੇਸ਼ ਲਈ ਆਪਣੀ ਜਾਨ ਨਿਛਾਵਰ ਕਰ ਦਿੱਤੀ।

ਅੱਜ ਦੇ ਸਮੇਂ ਵਿੱਚ ਜਦੋਂ ਨੌਜਵਾਨਾਂ ਨੂੰ ਕਈ ਤਰ੍ਹਾਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ—ਜਿਵੇਂ ਬੇਰੁਜ਼ਗਾਰੀ, ਨਸ਼ਾ, ਦਿਸ਼ਾ ਦੀ ਕਮੀ ਅਤੇ ਸਮਾਜਿਕ ਸਮੱਸਿਆਵਾਂ—ਉਸ ਵੇਲੇ ਭਗਤ ਸਿੰਘ ਦਾ ਜੀਵਨ ਇਕ ਪ੍ਰੇਰਣਾ ਦਾ ਸਰੋਤ ਬਣ ਸਕਦਾ ਹੈ। ਉਹਨਾਂ ਦੇ ਵਿਚਾਰ, ਹਿੰਮਤ, ਸਿੱਖਿਆ ਪ੍ਰਤੀ ਲਗਨ ਅਤੇ ਦੇਸ਼ ਪ੍ਰਤੀ ਪਿਆਰ ਅੱਜ ਵੀ ਨੌਜਵਾਨਾਂ ਨੂੰ ਸਹੀ ਰਾਹ ਦਿਖਾਉਂਦੇ ਹਨ।

ਅੱਜ ਦੇ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਦੇ ਜੀਵਨ ਤੋਂ


ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖਣਾ ਚਾਹੀਦਾ ਹੈ ਅਤੇ ਉਹਨਾਂ ਦੇ ਆਦਰਸ਼ਾਂ ਨੂੰ ਅਪਣਾਕੇ ਆਪਣਾ ਅਤੇ ਦੇਸ਼ ਦਾ ਭਵਿੱਖ ਉਹ ਕਿਵੇਂ ਸੁਧਾਰ ਸਕਦੇ ਹਨ।

**ਦੇਸ਼ ਪ੍ਰੇਮ ਦੀ ਭਾਵਨਾ**-ਭਗਤ ਸਿੰਘ ਦੇ ਜੀਵਨ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਉਹਨਾਂ ਦਾ ਦੇਸ਼ ਪ੍ਰੇਮ ਸੀ। ਉਹ ਆਪਣੇ ਦੇਸ਼ ਨੂੰ ਗੁਲਾਮੀ ਤੋਂ ਆਜ਼ਾਦ ਦੇਖਣਾ ਚਾਹੁੰਦੇ ਸਨ। ਬਚਪਨ ਤੋਂ ਹੀ ਉਹਨਾਂ ਦੇ ਮਨ ਵਿੱਚ ਦੇਸ਼ ਪ੍ਰਤੀ ਪਿਆਰ ਸੀ।ਕਿਹਾ ਜਾਂਦਾ ਹੈ ਕਿ ਜਦੋਂ ਉਹ ਛੋਟੇ ਸਨ ਤਾਂ ਉਹ ਖੇਤਾਂ ਵਿੱਚ ਬੰਦੂਕਾਂ ਬੀਜਣ ਦੀ ਗੱਲ ਕਰਦੇ ਸਨ ਤਾਂ ਜੋ ਭਵਿੱਖ ਵਿੱਚ ਅੰਗਰੇਜ਼ਾਂ ਨਾਲ ਲੜ ਸਕਣ। ਨੌਜਵਾਨਾਂ ਲਈ ਇਹ ਸਬਕ ਹੈ ਕਿ ਉਹ ਆਪਣੇ ਦੇਸ਼ ਨਾਲ ਪਿਆਰ ਕਰਨ।ਦੇਸ਼ ਪ੍ਰੇਮ ਸਿਰਫ਼ ਜੰਗ ਲੜਨ ਨਾਲ ਨਹੀਂ ਹੁੰਦਾ,ਸਗੋਂ ਦੇਸ਼ ਦੀ ਤਰੱਕੀ ਲਈ ਕੰਮ ਕਰਨ ਨਾਲ ਹੁੰਦਾ ਹੈ। ਅੱਜ ਦੇ ਨੌਜਵਾਨ ਆਪਣੀ ਪੜ੍ਹਾਈ ਇਮਾਨਦਾਰੀ ਨਾਲ ਕਰਕੇ, ਸਮਾਜ ਦੀ ਸੇਵਾ ਕਰ ਸਕਦੇ ਹਨ ਤਦ ਉਹ ਵੀ ਦੇਸ਼ ਪ੍ਰੇਮ ਦੀ ਮਿਸਾਲ ਬਣ ਸਕਦੇ ਹਨ।

**ਨਿਡਰਤਾ ਅਤੇ ਹਿੰਮਤ**-ਭਗਤ ਸਿੰਘ ਬਹੁਤ ਨਿਡਰ ਅਤੇ ਬਹਾਦਰ ਸਨ। ਉਹਨਾਂ ਨੇ ਅੰਗਰੇਜ਼ ਸਰਕਾਰ ਦੇ ਜ਼ੁਲਮਾਂ ਦੇ ਖਿਲਾਫ਼ ਖੁੱਲ੍ਹ ਕੇ ਆਵਾਜ਼ ਉਠਾਈ। ਉਹ ਜਾਣਦੇ ਸਨ ਕਿ ਉਹਨਾਂ ਦੇ ਕੰਮਾਂ ਦਾ ਨਤੀਜਾ ਮੌਤ ਵੀ ਹੋ ਸਕਦੀ ਹੈ, ਪਰ ਫਿਰ ਵੀ ਉਹ ਪਿੱਛੇ ਨਹੀਂ ਹਟੇ। ਅੱਜ ਦੇ ਨੌਜਵਾਨਾਂ ਲਈ ਇਹ ਬਹੁਤ ਵੱਡਾ ਸਬਕ ਹੈ ਕਿ ਜੀਵਨ ਵਿੱਚ ਹਿੰਮਤ ਨਾਲ ਕੰਮ ਲੈਣਾ ਚਾਹੀਦਾ ਹੈ। ਜੇ ਕਿਸੇ ਸਮਾਜਿਕ ਬੁਰਾਈ ਨੂੰ ਦੇਖਦੇ ਹੋ ਤਾਂ ਉਸ ਦੇ ਖਿਲਾਫ਼ ਆਵਾਜ਼ ਉਠਾਉਣੀ ਚਾਹੀਦੀ ਹੈ। ਡਰ ਕਰਕੇ ਚੁੱਪ ਰਹਿਣਾ ਸਮੱਸਿਆਵਾਂ ਨੂੰ ਵਧਾਉਂਦਾ ਹੈ, ਜਦਕਿ ਹਿੰਮਤ ਨਾਲ ਖੜ੍ਹਾ ਹੋਣਾ ਸਮਾਜ ਨੂੰ ਬਦਲ ਸਕਦਾ ਹੈ।

**ਸਿੱਖਿਆ ਅਤੇ ਗਿਆਨ ਦੀ ਮਹੱਤਤਾ**-ਬਹੁਤ ਸਾਰੇ ਲੋਕ ਭਗਤ ਸਿੰਘ ਨੂੰ ਸਿਰਫ਼ ਕ੍ਰਾਂਤੀਕਾਰੀ ਦੇ ਰੂਪ ਵਿੱਚ ਜਾਣਦੇ ਹਨ, ਪਰ ਉਹ ਇਕ ਮਹਾਨ ਪਾਠਕ ਵੀ ਸਨ। ਉਹਨਾਂ ਨੂੰ ਕਿਤਾਬਾਂ ਪੜ੍ਹਨ ਦਾ ਬਹੁਤ ਸ਼ੌਕ ਸੀ।ਉਹ ਇਤਿਹਾਸ, ਰਾਜਨੀਤੀ, ਅਰਥਸ਼ਾਸਤਰ ਅਤੇ ਫ਼ਲਸਫ਼ੇ ਦੀਆਂ ਕਿਤਾਬਾਂ ਪੜ੍ਹਦੇ ਰਹਿੰਦੇ ਸਨ। ਉਹ ਮੰਨਦੇ ਸਨ ਕਿ ਗਿਆਨ ਤੋਂ ਬਿਨਾਂ ਕ੍ਰਾਂਤੀ ਸੰਭਵ ਨਹੀਂ।ਉਹਨਾਂ ਨੇ ਕਈ ਲੇਖ ਵੀ ਲਿਖੇ ਜਿਨ੍ਹਾਂ ਵਿੱਚ ਉਹਨਾਂ ਨੇ ਸਮਾਜਿਕ ਅਤੇ ਰਾਜਨੀਤਿਕ ਮਸਲਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਨੌਜਵਾਨਾਂ ਲਈ ਇਹ ਸਿੱਖਿਆ ਹੈ ਕਿ ਉਹ ਪੜ੍ਹਾਈ ਨੂੰ ਗੰਭੀਰਤਾ ਨਾਲ ਲੈਣ। ਸਿਰਫ਼ ਡਿਗਰੀ ਲੈਣਾ ਹੀ ਕਾਫ਼ੀ ਨਹੀਂ, ਸਗੋਂ ਗਿਆਨ ਹਾਸਲ ਕਰਨਾ ਵੀ ਜ਼ਰੂਰੀ ਹੈ। ਕਿਤਾਬਾਂ ਪੜ੍ਹਨਾ ਮਨੁੱਖ ਦੀ ਸੋਚ ਨੂੰ ਵੱਡਾ ਬਣਾਉਂਦਾ ਹੈ ਅਤੇ ਉਸਨੂੰ ਸਹੀ ਫੈਸਲੇ ਲੈਣ ਦੇ ਯੋਗ ਬਣਾਉਂਦਾ ਹੈ।



**ਤਿਆਗ ਅਤੇ ਬਲਿਦਾਨ ਦੀ ਭਾਵਨਾ**-ਭਗਤ ਸਿੰਘ ਨੇ ਆਪਣੇ ਦੇਸ਼ ਲਈ ਸਭ ਕੁਝ ਤਿਆਗ ਦਿੱਤਾ। ਉਹਨਾਂ ਨੇ ਆਪਣੇ ਪਰਿਵਾਰ, ਸੁਖ-ਸੁਵਿਧਾਵਾਂ ਅਤੇ ਜੀਵਨ ਦੀ ਪਰਵਾਹ ਨਹੀਂ ਕੀਤੀ।ਉਹ ਜਾਣਦੇ ਸਨ ਕਿ ਉਹਨਾਂ ਦਾ ਰਸਤਾ ਮੁਸ਼ਕਲ ਹੈ, ਪਰ ਫਿਰ ਵੀ ਉਹ ਉਸ 'ਤੇ ਡਟੇ ਰਹੇ। ਜਦੋਂ ਉਹਨਾਂ ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ, ਤਦ ਵੀ ਉਹ ਡਰੇ ਨਹੀਂ। ਉਹ ਖੁਸ਼ੀ-ਖੁਸ਼ੀ ਫਾਂਸੀ ਦੇ ਤਖ਼ਤੇ 'ਤੇ ਚੜ੍ਹ ਗਏ ਅਤੇ "ਇਨਕਲਾਬ ਜ਼ਿੰਦਾਬਾਦ" ਦੇ ਨਾਅਰੇ ਲਗਾਉਂਦੇ ਰਹੇ।ਅੱਜ ਦੇ ਨੌਜਵਾਨਾਂ ਲਈ ਇਹ ਸਬਕ ਹੈ ਕਿ ਵੱਡੇ ਮਕਸਦ ਲਈ ਕਈ ਵਾਰ ਤਿਆਗ ਕਰਨਾ ਪੈਂਦਾ ਹੈ। ਜੇ ਕੋਈ ਵਿਅਕਤੀ ਸਫਲ ਹੋਣਾ ਚਾਹੁੰਦਾ ਹੈ ਤਾਂ ਉਸਨੂੰ ਮਿਹਨਤ ਕਰਨੀ ਪਵੇਗੀ ਅਤੇ ਕਈ ਸੁਖਾਂ ਤੋਂ ਦੂਰ ਰਹਿਣਾ ਪਵੇਗਾ।

**ਸਮਾਜਿਕ ਬੁਰਾਈਆਂ ਦੇ ਖਿਲਾਫ਼ ਖੜ੍ਹੇ ਹੋਣਾ**-ਭਗਤ ਸਿੰਘ ਸਿਰਫ਼ ਅੰਗਰੇਜ਼ਾਂ ਦੇ ਖਿਲਾਫ਼ ਹੀ ਨਹੀਂ ਸਨ, ਸਗੋਂ ਉਹ ਸਮਾਜ ਦੀਆਂ ਬੁਰਾਈਆਂ ਦੇ ਵੀ ਵਿਰੋਧੀ ਸਨ। ਉਹ ਧਰਮ ਦੇ ਨਾਮ 'ਤੇ ਹੋਣ ਵਾਲੀ ਨਫ਼ਰਤ ਅਤੇ ਭੇਦਭਾਵ ਦੇ ਖਿਲਾਫ਼ ਸਨ। ਉਹ ਚਾਹੁੰਦੇ ਸਨ ਕਿ ਭਾਰਤ ਵਿੱਚ ਸਭ ਲੋਕ ਬਰਾਬਰ ਹੋਣ ਅਤੇ ਕਿਸੇ ਨਾਲ ਵੀ ਅਨਿਆਇ ਨਾ ਹੋਵੇ। ਨੌਜਵਾਨਾਂ ਨੂੰ ਵੀ ਸਮਾਜ ਵਿੱਚ ਫੈਲੀ ਬੁਰਾਈਆਂ ਜਿਵੇਂ ਭ੍ਰਿਸ਼ਟਾਚਾਰ, ਨਸ਼ਾ, ਜਾਤ-ਪਾਤ ਅਤੇ ਅਨਿਆਇ ਦੇ ਖਿਲਾਫ਼ ਖੜ੍ਹਾ ਹੋਣਾ ਚਾਹੀਦਾ ਹੈ। ਜਦੋਂ ਨੌਜਵਾਨ ਜਾਗਰੂਕ ਹੋਣਗੇ ਤਾਂ ਸਮਾਜ ਵਿੱਚ ਸੁਧਾਰ ਆ ਸਕਦਾ ਹੈ।

**ਅਨੁਸ਼ਾਸਨ ਅਤੇ ਦ੍ਰਿੜਤਾ**-ਭਗਤ ਸਿੰਘ ਦੇ ਜੀਵਨ ਵਿੱਚ ਅਨੁਸ਼ਾਸਨ ਦੀ ਬਹੁਤ ਮਹੱਤਤਾ ਸੀ। ਉਹ ਆਪਣੇ ਕੰਮ ਨੂੰ ਬੜੀ ਯੋਜਨਾ ਅਤੇ ਸਾਵਧਾਨੀ ਨਾਲ ਕਰਦੇ ਸਨ। ਉਹ ਆਪਣੇ ਸਾਥੀਆਂ ਨਾਲ ਮਿਲ ਕੇ ਹਰ ਕਦਮ ਦੀ ਯੋਜਨਾ ਬਣਾਉਂਦੇ ਸਨ। ਨੌਜਵਾਨਾਂ ਲਈ ਇਹ ਸਿੱਖਿਆ ਹੈ ਕਿ ਜੀਵਨ ਵਿੱਚ ਅਨੁਸ਼ਾਸਨ ਬਹੁਤ ਜ਼ਰੂਰੀ ਹੈ। ਸਮੇਂ ਦੀ ਪਾਬੰਦੀ, ਮਿਹਨਤ ਅਤੇ ਨਿਯਮਿਤਤਾ ਨਾਲ ਹੀ ਮਨੁੱਖ ਸਫਲ ਹੋ ਸਕਦਾ ਹੈ।

**ਨੌਜਵਾਨ ਸ਼ਕਤੀ ਦੀ ਮਹੱਤਤਾ**-ਭਗਤ ਸਿੰਘ ਮੰਨਦੇ ਸਨ ਕਿ ਦੇਸ਼ ਦਾ ਭਵਿੱਖ ਨੌਜਵਾਨਾਂ ਦੇ ਹੱਥ ਵਿੱਚ ਹੁੰਦਾ ਹੈ। ਉਹਨਾਂ ਨੇ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਕਈ ਸੰਸਥਾਵਾਂ ਬਣਾਈਆਂ। ਉਹ ਚਾਹੁੰਦੇ ਸਨ ਕਿ ਨੌਜਵਾਨ ਆਪਣੇ ਹੱਕਾਂ ਅਤੇ ਜ਼ਿੰਮੇਵਾਰੀਆਂ ਨੂੰ ਸਮਝਣ। ਅੱਜ ਵੀ ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹਨ। ਜੇ ਨੌਜਵਾਨ ਸਹੀ ਦਿਸ਼ਾ ਵਿੱਚ ਮਿਹਨਤ ਕਰਨ ਤਾਂ ਦੇਸ਼ ਬਹੁਤ ਤੇਜ਼ੀ ਨਾਲ ਤਰੱਕੀ ਕਰ ਸਕਦਾ ਹੈ।

**ਨਸ਼ਿਆਂ ਤੋਂ ਦੂਰ ਰਹਿਣਾ**-ਅੱਜ ਦੇ ਸਮੇਂ ਵਿੱਚ ਨਸ਼ਾ ਨੌਜਵਾਨਾਂ ਲਈ ਇੱਕ ਵੱਡੀ ਸਮੱਸਿਆ ਬਣ ਚੁੱਕੀ ਹੈ। ਕਈ ਨੌਜਵਾਨ ਆਪਣਾ ਭਵਿੱਖ ਨਸ਼ਿਆਂ ਕਰਕੇ ਬਰਬਾਦ ਕਰ ਰਹੇ ਹਨ। ਭਗਤ ਸਿੰਘ ਦਾ ਜੀਵਨ ਸਾਫ਼-ਸੁਥਰਾ ਅਤੇ ਅਨੁਸ਼ਾਸਿਤ ਸੀ। ਉਹ ਆਪਣੇ ਸਰੀਰ ਅਤੇ ਮਨ ਨੂੰ ਮਜ਼ਬੂਤ ਬਣਾਉਣ 'ਤੇ ਧਿਆਨ ਦਿੰਦੇ ਸਨ। ਇਸ ਲਈ ਨੌਜਵਾਨਾਂ ਨੂੰ ਚਾਹੀਦਾ ਹੈ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੀ ਤਾਕਤ ਨੂੰ ਚੰਗੇ ਕੰਮਾਂ ਵਿੱਚ ਲਗਾਉਣ।

**ਵਿਚਾਰਾਂ ਦੀ ਆਜ਼ਾਦੀ**-ਭਗਤ ਸਿੰਘ ਖੁੱਲ੍ਹੀ ਸੋਚ ਵਾਲੇ ਵਿਅਕਤੀ ਸਨ। ਉਹ ਕਿਸੇ ਵੀ ਵਿਚਾਰ ਨੂੰ ਅੰਨ੍ਹੇਵਾਹ ਨਹੀਂ ਮੰਨਦੇ ਸਨ। ਉਹ ਹਰ ਗੱਲ ਨੂੰ ਤਰਕ ਅਤੇ ਸਮਝ ਨਾਲ ਦੇਖਦੇ ਸਨ। ਨੌਜਵਾਨਾਂ ਨੂੰ ਵੀ ਇਹ ਸਿੱਖਣਾ ਚਾਹੀਦਾ ਹੈ ਕਿ ਉਹ ਆਪਣੇ ਵਿਚਾਰ ਖੁੱਲ੍ਹ ਕੇ ਰੱਖਣ, ਪਰ ਨਾਲ ਹੀ ਹੋਰਾਂ ਦੇ ਵਿਚਾਰਾਂ ਦਾ ਆਦਰ ਵੀ ਕਰਨ। ਵਿਚਾਰਾਂ ਦੀ ਆਜ਼ਾਦੀ ਸਮਾਜ ਨੂੰ ਅੱਗੇ ਵਧਾਉਂਦੀ ਹੈ।

**ਦੇਸ਼ ਦੀ ਤਰੱਕੀ ਲਈ ਯੋਗਦਾਨ**-ਭਗਤ ਸਿੰਘ ਦਾ ਸੁਪਨਾ ਸੀ ਕਿ ਭਾਰਤ ਇੱਕ ਨਿਆਂਪੂਰਨ ਅਤੇ ਤਰੱਕੀਸ਼ੀਲ ਦੇਸ਼ ਬਣੇ। ਉਹ ਚਾਹੁੰਦੇ ਸਨ ਕਿ ਹਰ ਵਿਅਕਤੀ ਨੂੰ ਬਰਾਬਰ ਮੌਕੇ ਮਿਲਣ ਅਤੇ ਗਰੀਬੀ ਖਤਮ ਹੋਵੇ। ਅੱਜ ਦੇ ਨੌਜਵਾਨ ਆਪਣੇ-ਆਪਣੇ ਖੇਤਰਾਂ ਵਿੱਚ ਮਿਹਨਤ ਕਰਕੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾ ਸਕਦੇ ਹਨ। ਚਾਹੇ ਉਹ ਵਿਗਿਆਨ, ਖੇਤੀਬਾੜੀ, ਸਿੱਖਿਆ ਜਾਂ ਉਦਯੋਗ ਦਾ ਖੇਤਰ ਹੋਵੇ—ਹਰ ਜਗ੍ਹਾ ਨੌਜਵਾਨਾਂ ਦੀ ਭੂਮਿਕਾ ਮਹੱਤਵਪੂਰਨ ਹੈ। 7 ਸ਼ਹੀਦ ਭਗਤ ਸਿੰਘ ਸਿਰਫ਼ ਇਕ ਕ੍ਰਾਂਤੀਕਾਰੀ ਨਹੀਂ ਸਨ, ਸਗੋਂ ਉਹ ਇਕ ਮਹਾਨ ਵਿਚਾਰਕ ਅਤੇ ਪ੍ਰੇਰਣਾਦਾਇਕ ਵਿਅਕਤੀ ਸਨ।ਉਹਨਾਂ ਦਾ ਜੀਵਨ ਸਾਨੂੰ ਦੇਸ਼ ਪ੍ਰੇਮ, ਹਿੰਮਤ, ਸਿੱਖਿਆ, ਤਿਆਗ ਅਤੇ ਸਮਾਜਿਕ ਨਿਆਂ ਦੀ ਸਿੱਖਿਆ ਦਿੰਦਾ ਹੈ। ਅੱਜ ਦੇ ਨੌਜਵਾਨਾਂ ਲਈ ਇਹ ਬਹੁਤ ਜ਼ਰੂਰੀ ਹੈ ਕਿ ਉਹ ਭਗਤ ਸਿੰਘ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ। ਜਦੋਂ ਨੌਜਵਾਨ ਇਮਾਨਦਾਰੀ ਨਾਲ ਮਿਹਨਤ ਕਰਨਗੇ, ਨਸ਼ਿਆਂ ਤੋਂ ਦੂਰ ਰਹਿਣਗੇ ਅਤੇ ਸਮਾਜ ਦੀ ਭਲਾਈ ਲਈ ਕੰਮ ਕਰਨਗੇ, ਤਦ ਹੀ ਭਾਰਤ ਇੱਕ ਮਜ਼ਬੂਤ ਅਤੇ ਤਰੱਕੀਸ਼ੀਲ ਦੇਸ਼ ਬਣ ਸਕੇਗਾ। ਭਗਤ ਸਿੰਘ ਦਾ ਜੀਵਨ ਸਾਨੂੰ ਇਹ ਸਿਖਾਉਂਦਾ ਹੈ ਕਿ ਇਕ ਵਿਅਕਤੀ ਵੀ ਆਪਣੇ ਦ੍ਰਿੜ ਨਿਸ਼ਚੇ ਅਤੇ ਹਿੰਮਤ ਨਾਲ ਇਤਿਹਾਸ ਬਦਲ ਸਕਦਾ ਹੈ।ਉਹਨਾਂ ਦੀ ਕੁਰਬਾਨੀ ਸਾਨੂੰ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ। ਇਸ ਲਈ ਹਰ ਨੌਜਵਾਨ ਨੂੰ ਚਾਹੀਦਾ ਹੈ ਕਿ ਉਹ ਭਗਤ ਸਿੰਘ ਦੇ ਵਿਚਾਰਾਂ ਤੋਂ ਪ੍ਰੇਰਣਾ ਲੈ ਕੇ ਆਪਣੇ ਜੀਵਨ ਨੂੰ ਮਕਸਦ ਵਾਲਾ ਬਣਾਵੇ ਅਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਵੇ।

**-ਸੰਦੀਪ ਦਿਉੜਾ (ਲੈਕ.ਜੌਗਰਫੀ)**

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





# ਮਹਾਨ ਗੁਰਮਤਿ ਸਮਾਗਮ

• ਜੋਤੀ ਜੋਤ : ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ • ਗੁਰਿਆਈ ਗੱਦੀ : ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ • ਗੁਰਿਆਈ ਗੱਦੀ : ਧੰਨ ਸ਼੍ਰੀ ਗੁਰੂ ਸ਼੍ਰੀ ਗੁਰੂ ਹਰਿ ਰਾਏ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਸਮੇਤ ਜੁਪਜੀ ਸਾਹਿਬ ਦੀ ਸੇਵਾ ਗੁਰ ਸਿੱਖ ਪ੍ਰਵਾਰ ਭਾਈ ਏਕਮ ਸਿੰਘ ਵੱਲੋਂ ਲਈ ਗਈ ਹੈ ।

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਸ਼ੁੱਕਰਵਾਰ 10:30 ਵਜੇ ਹੋਵੇਗੀ ਅਤੇ ਐਤਵਾਰ 10:30 ਵਜੇ ਭੋਗ ਪੈਣਗੇ • ਸ਼ਨਿੱਚਰਵਾਰ 21 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ ।

ਐਤਵਾਰ 22 ਮਾਰਚ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸੱਜਣਗੇ ।

ਕਵੀਸ਼ਰੀ ਜਥਾ ਭਾਈ ਗੁਰਮੀਤ ਸਿੰਘ ਬਰੇਸ਼ੀਆ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ । ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ

# ਵੱਡੀ ਗਿਣਤੀ 'ਚ ਨੌਜਵਾਨ ਬੀਜੇਪੀ 'ਚ ਸ਼ਾਮਿਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਅਤੇ ਸ੍ਰੀ ਸਰਜੀਵਨ ਜਿੰਦਲ ਜਿਲ੍ਹਾ ਪ੍ਰਧਾਨ ਬੀਜੇਪੀ ਸੰਗਰੂਰ ਦੀ ਹਾਜਰੀ ਵਿੱਚ ਧੂਰੀ ਦੇ ਯੂਥ ਆਗੂ ਮਨਪ੍ਰੀਤ ਸਿੰਘ ਗੱਗੀ ਧਾਲੀਵਾਲ ਦੀ ਪ੍ਰੇਰਨਾ ਸਦਕਾ ਸੈਂਕੜੇ ਨੌਜਵਾਨਾਂ ਨੇ ਵੱਖ-ਵੱਖ ਪਾਰਟੀਆਂ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋਫੈਸਰ ਓਕਾਰ ਸਿੰਘ ਸਿੱਧੂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਮੋਗਾ ਵਿਖੇ ਹੋਈ ਵਿਸ਼ਾਲ ਰੈਲੀ ਤੋਂ ਬਾਅਦ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਪੰਜਾਬ ਦੇ ਨੌਜਵਾਨਾਂ ਵਿੱਚ ਇੱਕ ਅਮਿੱਟ ਯਾਦਾਂ ਛੱਡ ਗਏ ਹਨ। ਜਿਨਾਂ ਨੂੰ ਦੇਖਦਿਆਂ ਹੋਇਆਂ ਨੌਜਵਾਨ ਵੱਡੀ ਗਿਣਤੀ ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਹ ਨੌਜਵਾਨ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਬੀਜੇਪੀ ਦੇ ਨੌਜਵਾਨ ਆਗੂ ਭੁਪੇਸ਼ ਜਿੰਦਲ, ਬਰਜੇਸ਼ਵਰ ਗੋਇਲ ਸੀਨੀਅਰ ਆਗੂ ਭਾਰਤੀ ਜਨਤਾ ਪਾਰਟੀ, ਸ੍ਰੀ ਜਗਦੇਵ ਜਿੰਦਲ ਜੱਗਾ ਸਾਬਕਾ ਵਾਈਸ ਪ੍ਰਧਾਨ ਮਿਉਸਪਲ ਕਮੇਟੀ ਹਾਜਰ ਸਨ।

### ਆਮ ਆਦਮੀ ਪਾਰਟੀ ਦੇ ਮੰਤਰੀ ਦੀ

# ਧੱਕੇਸ਼ਾਹੀ ਨੇ ਲਈ ਸਰਕਾਰੀ ਅ.ਫਸਰ ਦੀ ਜਾਨ : ਅਮਨਦੀਪ ਸਿੰਘ ਡੱਡੂਆਣਾਂ

**ਅੰਮ੍ਰਿਤਸਰ, 21 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਸ਼ਹਿਰੀ ਦੇ ਪ੍ਰਧਾਨ ਭਾਈ ਅਮਨਦੀਪ ਸਿੰਘ ਡੱਡੂਆਣਾਂ ਨੇ ਪੱਟੀ ਤੋਂ ਵਿਧਾਇਕ ਅਤੇ ਪੰਜਾਬ ਸਰਕਾਰ ਦੇ ਮੰਤਰੀ ਲਾਲਜੀਤ ਸਿੰਘ ਭੁੱਲਰ ਉੱਤੇ

**ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸੁਸਾਈਡ ਨੋਟ ਵੀਡੀਓ ਦੇ ਅਧਾਰ 'ਤੇ ਮੰਤਰੀ ਖਿਲਾਫ ਪਰਚਾ ਦਰਜ ਕਰਕੇ ਗ੍ਰਿਫ਼ਤਾਰ ਕਰਨ ਦੀ ਮੰਗ**



ਗੰਭੀਰ ਦੋਸ਼ ਲਗਾਉਂਦੇ ਹੋਏ ਕਿਹਾ ਕਿ ਉਨ੍ਹਾਂ ਦੀਆਂ ਧੱਕੇਸ਼ਾਹੀਆਂ ਤੋਂ ਤੰਗ ਆ ਕੇ ਦੇ ਡੀ ਐਮ ਸ੍ਰ ਗਗਨਦੀਪ ਸਿੰਘ ਰੰਧਾਵਾ ਵੱਲੋਂ ਖੁਦਕੁਸ਼ੀ ਕਰਨਾ ਬਹੁਤ ਹੀ ਦੁੱਖਦਾਈ ਅਤੇ ਚਿੰਤਾਜਨਕ ਘਟਨਾ ਹੈ।

ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ ਇੱਕ ਵਿਅਕਤੀ ਦੀ ਮੌਤ ਨਹੀਂ, ਸਗੋਂ ਪੰਜਾਬ ਵਿੱਚ ਸਰਕਾਰੀ ਤੰਤਰ ਉੱਤੇ ਪੈਂਦੇ ਸਿਆਸੀ ਦਬਾਅ ਦਾ ਜੀਉਂਦਾ ਜਾਗਦਾ ਸਬੂਤ ਹੈ। ਜੇਕਰ ਇੱਕ ਸਰਕਾਰੀ ਅਧਿਕਾਰੀ ਵੀ ਇਕ ਸੱਤਾਧਾਰੀ ਪਾਰਟੀ ਦੇ ਮੰਤਰੀ ਕਾਰਨ ਇਹ ਕਦਮ ਚੁੱਕਣ ਲਈ ਮਜਬੂਰ ਹੋ ਰਿਹਾ ਹੈ, ਤਾਂ ਆਮ ਲੋਕਾਂ ਦੀ ਸਥਿਤੀ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਭਾਈ ਡੱਡੂਆਣਾਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ੍ਰ ਗਗਨਦੀਪ ਸਿੰਘ ਰੰਧਾਵਾ ਦੇ ਸਮੂਹ ਪਰਿਵਾਰ ਨਾਲ ਗਹਿਰਾ ਦੁੱਖ ਪ੍ਰਗਟ ਕੀਤਾ ਜਾਂਦਾ ਹੈ ਅਤੇ ਇਸ ਔਖੇ ਸਮੇਂ ਵਿੱਚ ਪਾਰਟੀ ਪੂਰੀ ਤਰ੍ਹਾਂ ਪਰਿਵਾਰ ਦੇ ਨਾਲ ਖੜੀ ਹੈ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਅਤੇ ਡੀ ਜੀ ਪੀ ਤੋਂ ਮੰਗ ਕਰਦੇ ਹੋਏ ਕਿਹਾ ਕਿ ਮ੍ਰਿਤਕ ਅਧਿਕਾਰੀ ਵੱਲੋਂ ਸੋਸ਼ਲ ਮੀਡੀਆ 'ਤੇ ਪਾਈ ਗਈ ਸੁਸਾਈਡ ਨੋਟ ਵੀਡੀਓ ਵਿੱਚ ਜਿਨ੍ਹਾਂ ਦਾ ਨਾਮ ਲਿਆ ਗਿਆ ਹੈ, ਉਸਦੇ ਆਧਾਰ 'ਤੇ ਤੁਰੰਤ ਪਰਚਾ ਦਰਜ ਕਰਕੇ ਗ੍ਰਿਫਤਾਰ ਕੀਤਾ ਜਾਵੇ।

### ਈਦਗਾਹ ਕਬਰਿਸਤਾਨ ਇੰਤਜਾਮੀਆ 'ਚ

# ਈਦ ਉਲ ਫਿਤਰ ਦਾ ਤਿਉਹਾਰ ਮਨਾਇਆ



ਚੌਕ ਮਹਿਤਾ, 21 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ) ਮੁਸਲਿਮ ਭਾਈਚਾਰੇ ਦੇ ਸਭ ਤੋਂ ਵੱਡੇ ਤਿਉਹਾਰ ਈਦ-ਉਲ-ਫਿਤਰ ਦਾ ਤਿਉਹਾਰ ਈਦਗਾਹ ਕਬਰਿਸਤਾਨ ਇੰਤਜਾਮੀਆ ਸੁਲਤਾਨਵਿੰਡ ਰੋਡ ਵਿਖੇ ਸ਼ਹਿਰੀ ਇਮਾਮ ਮੁਜਮਲ ਹੁਸੈਨ ਕਾਦਰੀ ਦੀ ਅਗਵਾਈ ਹੇਠ ਮੰਨਿਆ ਗਿਆ ਇਸ ਮੌਕੇ ਈਦਗਾਹ ਕਬਰਿਸਤਾਨ ਇੰਤਜਾਮੀਆ ਵਿੱਚ ਖੁਸ਼ੀ ਵਾਲਾ ਮਾਹੌਲ ਦੇਖਣ ਨੂੰ ਮਿਲਿਆ। ਇਸ ਪਵਿੱਤਰ ਦਿਨ 'ਤੇ ਲੋਕਾਂ ਨੇ ਇਕ-ਦੂਜੇ ਨੂੰ ਗਲੇ ਮਿਲ ਕੇ ਵਧਾਈਆਂ ਦਿੱਤੀਆਂ ਅਤੇ ਅਮਨ-ਚੈਨ ਲਈ ਦੁਆਵਾਂ ਮੰਗੀਆਂ।



ਇਸ ਮੌਕੇ ਸ਼ਹਿਰੀ ਇਮਾਮ ਮੁਜਮਲ ਹੁਸੈਨ ਕਾਦਰੀ ਨੇ ਮੁਸਲਿਮ ਭਾਈਚਾਰੇ ਨੂੰ ਈਦ ਦੀਆਂ ਦਿਲੋਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਈਦ ਦਾ ਤਿਉਹਾਰ ਸਾਨੂੰ ਪਿਆਰ, ਭਾਈਚਾਰੇ ਅਤੇ ਇਕਤਾ ਦਾ ਸਨੇਹਾ ਦਿੰਦਾ ਹੈ ਸਾਨੂੰ ਸਾਰੇ ਧਰਮਾਂ ਦੇ ਲੋਕਾਂ ਨੂੰ ਮਿਲਜੁਲ ਕੇ ਰਹਿਣਾ ਚਾਹੀਦਾ ਹੈ ਅਤੇ ਸਮਾਜ ਵਿੱਚ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣੀ ਚਾਹੀਦੀ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਅਜਿਹੇ ਤਿਉਹਾਰ ਸਾਨੂੰ ਇਕ-ਦੂਜੇ ਦੇ ਨੇੜੇ ਲਿਆਉਂਦੇ ਹਨ ਅਤੇ ਸਮਾਜ ਵਿੱਚ ਮਜ਼ਬੂਤੀ ਪੈਦਾ ਕਰਦੇ ਹਨ ਅਤੇ ਇਸ ਮੌਕੇ 'ਤੇ ਸਮਾਜਿਕ ਏਕਤਾ ਅਤੇ ਭਰਾਵਾਂ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ ਗਿਆ।

ਅਖੀਰ ਵਿੱਚ ਸਭ ਨੇ ਮਿਲ ਕੇ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਦੁਆ ਕੀਤੀ ਅਤੇ ਈਦ ਦੇ ਤਿਉਹਾਰ ਨੂੰ ਬੜੀ ਖੁਸ਼ੀ ਨਾਲ ਮਨਾਇਆ ਇਸ ਮੌਕੇ ਸ਼ਾਹਿਦ ਆਲਮ, ਮਕਸੂਦ ਆਲਮ, ਗੁਫ਼ਰਾਨ ਆਲਮ, ਨੌਸ਼ਾਦ ਆਲਮ, ਹਾਰੁਨ ਰਜ਼ਾ, ਸ਼ਿਰਾਜ ਮਲਿਕ, ਜਲਾਲੂਦੀਨ, ਫਿਰੋਜ ਆਲਮ, ਰਿਜ਼ਵਾਨ ਖ਼ਾਨ, ਅਜਰੂਲਾ ਖ਼ਾਨ, ਪਿਆਰ ਅਲੀ, ਸਾਬਿਰ ਆਲਮ, ਸ਼ਿਹਬਾਜ਼ ਆਲਮ, ਮਨਵੀਰ ਆਲਮ, ਮੁਜਾਹਿਰ ਆਲਮ ਅਤੇ ਹੋਰ ਹਾਜ਼ਰ ਸਨ


# ਰਾਮਾਂ ਮੰਡੀ-ਸਦਾ ਸਿੰਘ ਵਾਲਾ ਰੇਲਵੇ ਲਾਈਨ ਦਾ ਕਿਸਾਨਾਂ ਵੱਲੋਂ ਵਿਰੋਧ, ਵਿਧਾਇਕਾ ਨੂੰ ਦਿੱਤਾ ਮੰਗ ਪੱਤਰ



**ਤਲਵੰਡੀ ਸਾਬੋ, 21 ਮਾਰਚ (ਗੁਰਜੰਟ ਸਿੰਘ ਨਥੇਹਾ)**- ਤਖ਼ਤ ਸ੍ਰੀ ਦਮਦਮਾ ਸਾਹਿਬ ਨਾਲ ਜੋੜੀ ਜਾਣ ਵਾਲੀ ਪ੍ਰਸਤਾਵਿਤ ਰਾਮਾਂ ਮੰਡੀ ਤੋਂ ਸਦਾ ਸਿੰਘ ਵਾਲਾ ਤੱਕ ਰੇਲਵੇ ਲਾਈਨ ਦਾ ਇਲਾਕੇ ਦੇ ਕਿਸਾਨਾਂ ਵੱਲੋਂ ਤਿੱਖਾ ਵਿਰੋਧ ਕੀਤਾ ਜਾ ਰਿਹਾ ਹੈ। ਇਹ ਰੇਲਵੇ ਪ੍ਰੋਜੈਕਟ ਕਈ ਪਿੰਡਾਂ ਦੀ ਜ਼ਮੀਨ ਨੂੰ ਪ੍ਰਭਾਵਿਤ ਕਰਦਾ ਹੈ, ਜਿਸ ਕਾਰਨ ਕਿਸਾਨਾਂ ਵਿੱਚ ਚਿੰਤਾ ਅਤੇ ਰੋਸ ਵਧ ਰਿਹਾ ਹੈ। ਪ੍ਰਭਾਵਿਤ ਪਿੰਡਾਂ ਵਿੱਚ ਬੰਗੀ ਨਿਹਾਲ ਸਿੰਘ, ਬੰਗੀ ਕਲਾਂ ਕਮਾਲੂ, ਲਾਲੇਆਣਾ, ਜੱਜਲ, ਤਲਵੰਡੀ ਸਾਬੋ, ਗੁਰੂਸਰ ਜੱਗਾ, ਫਤਿਹਗੜ੍ਹ ਨੌ ਆਬਾਦ, ਜਗਾ ਰਾਮ ਤੀਰਥ, ਭਗਵਾਨਪੁਰਾ, ਧਿੰਗੜ, ਕਮਾਲੂ ਸਵੈਚ, ਕੋਟਲੀ ਖੁਰਦ, ਮਾਨ ਬੀਬੜੀਆਂ ਅਤੇ ਸਦਾ ਸਿੰਘ ਵਾਲਾ ਸ਼ਾਮਲ ਹਨ, ਪ੍ਰਭਾਵਿਤ ਉਕਤ ਪਿੰਡਾਂ ਦੇ ਕਿਸਾਨਾਂ ਵੱਲੋਂ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ। ਪੀੜਿਤ ਕਿਸਾਨਾਂ ਨੇ ਦੱਸਿਆ ਕਿ ਇਸ ਪ੍ਰੋਜੈਕਟ ਦਾ ਵਿਰੋਧ 2014 ਵਿੱਚ ਸਰਵੇ ਸ਼ੁਰੂ ਹੋਣ ਤੋਂ ਹੀ ਕੀਤਾ ਜਾ ਰਿਹਾ ਹੈ। ਕਿਸਾਨਾਂ ਵੱਲੋਂ ਹਲਕਾ ਸਰਦੂਲਗੜ੍ਹ, ਮਾਨਸਾ, ਮੌੜ ਮੰਡੀ ਅਤੇ ਤਲਵੰਡੀ ਸਾਬੋ ਦੇ ਵਿਧਾਇਕਾਂ ਨੂੰ ਲਿਖਤੀ ਮੰਗ ਪੱਤਰ ਦਿੱਤਾ ਗਿਆ ਹੈ ਅਤੇ ਅੱਜ ਤਲਵੰਡੀ ਸਾਬੋ ਵਿਧਾਇਕਾ ਪ੍ਰ. ਬਲਜਿੰਦਰ ਕੌਰ ਨੂੰ ਵੀ ਮੰਗ ਪੱਤਰ ਦਿੱਤਾ ਗਿਆ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਮਾਨਸਾ ਅਤੇ ਬਠਿੰਡਾ, ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਅਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਵੀ ਮਿਲ ਕੇ ਆਪਣੀਆਂ ਸਮੱਸਿਆਵਾਂ ਰੱਖੀਆਂ ਗਈਆਂ ਹਨ। ਕਿਸਾਨਾਂ ਨੇ ਦਲੀਲ ਦਿੱਤੀ ਕਿ ਇਲਾਕੇ ਵਿੱਚ ਜ਼ਿਆਦਾਤਰ ਛੋਟੇ ਕਿਸਾਨ ਹਨ ਅਤੇ ਜ਼ਮੀਨ ਗੁਆਉਣ ਨਾਲ ਉਨ੍ਹਾਂ ਦੇ ਪਰਿਵਾਰਾਂ ਦੀ ਰੋਜ਼ੀ-ਰੋਟੀ ਤੇ ਗੰਭੀਰ ਅਸਰ ਪਵੇਗਾ। ਉਨ੍ਹਾਂ ਕਿਹਾ ਕਿ ਰੇਲਵੇ ਲਾਈਨ ਬਣਨ ਨਾਲ ਨਹਿਰੀ ਪਾਣੀ ਦੇ ਖਾਲ ਅਤੇ ਮੋਟਰਾਂ ਦੀ ਸਪਲਾਈ ਵੀ ਪ੍ਰਭਾਵਿਤ ਹੋਵੇਗੀ। ਜ਼ਮੀਨਾਂ ਦੇ ਟੁਕੜੇ ਹੋਣ ਅਤੇ ਸਾਂਝੇ ਖਾਤਿਆਂ ਦੇ ਟੁੱਟਣ ਨਾਲ ਪਿੰਡਾਂ ਦੀ ਭਾਈਚਾਰਕ ਸਾਂਝ ਵੀ ਖਤਰੇ ਵਿੱਚ ਪੈ ਜਾਵੇਗੀ। ਕਿਸਾਨਾਂ ਨੇ ਸਪੱਸ਼ਟ ਕੀਤਾ ਕਿ ਉਹ ਕਿਸੇ ਵੀ ਕੀਮਤ 'ਤੇ ਆਪਣੀ ਜ਼ਮੀਨ ਰੇਲਵੇ ਪ੍ਰੋਜੈਕਟ ਲਈ ਨਹੀਂ ਦੇਣਗੇ। ਕਿਸਾਨਾਂ ਨੇ ਮੰਗ ਕੀਤੀ ਕਿ ਬੰਗੀ ਨਿਹਾਲ ਸਿੰਘ ਰੇਲਵੇ ਸਟੇਸ਼ਨ, ਜੋ ਬਠਿੰਡਾ-ਰਾਮਾਂ ਲਾਈਨ 'ਤੇ ਸਥਿਤ ਹੈ, ਨੂੰ ਅਪਗਰੇਡ ਕਰਕੇ ਉਸਦਾ ਨਾਮ ਤਖ਼ਤ ਸ੍ਰੀ ਦਮਦਮਾ ਸਾਹਿਬ ਰੱਖਿਆ ਜਾਵੇ। ਉਨ੍ਹਾਂ ਨੇ ਸੁਝਾਅ ਦਿੱਤਾ ਕਿ ਗੁਰੂ ਗੋਬਿੰਦ ਸਿੰਘ ਮਾਰਗ ਦਾ ਸੁੰਦਰੀਕਰਨ ਕਰਕੇ ਬੱਸ ਸੇਵਾ ਰਾਹੀਂ ਸਿੱਖ ਸੰਗਤ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਪਹੁੰਚਾਇਆ ਜਾ ਸਕਦਾ ਹੈ। ਕਿਸਾਨਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਰੇਲਵੇ ਟਰੈਕ ਪ੍ਰੋਜੈਕਟ ਨੂੰ ਤੁਰੰਤ ਰੱਦ ਕੀਤਾ ਜਾਵੇ ਅਤੇ ਵਿਕਲਪਕ ਤੌਰ 'ਤੇ ਮੌਜੂਦਾ ਸਹੂਲਤਾਂ ਨੂੰ ਵਿਕਸਿਤ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਨੁਕਸਾਨ ਤੋਂ ਬਚਾਇਆ ਜਾ ਸਕੇ ਅਤੇ ਸਰਕਾਰੀ ਖਰਚ ਵੀ ਘਟੇ।

## ਪੰਜਾਬ ਬਚਾਓ ਰੈਲੀ ਲਈ ਤਲਵੰਡੀ ਸਾਬੋ ਦੇ ਵਾਰਡ ਨੰਬਰ 4 'ਚੋਂ 500 ਬੀਬੀਆਂ ਦਾ ਜਥਾ ਹੋਵੇਗਾ ਰਵਾਨਾ- ਡਾ. ਗੁਰਮੇਲ ਸਿੰਘ ਘਈ

**ਤਲਵੰਡੀ ਸਾਬੋ, 21 ਮਾਰਚ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਅਕਾਲੀ ਦਲ ਦੀ ਪੰਜਾਬ ਬਚਾਓ ਰੈਲੀ ਤਲਵੰਡੀ ਸਾਬੋ ਵਿਖੇ 11 ਅਪ੍ਰੈਲ ਨੂੰ ਹੋਣ ਜਾ ਰਹੀ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਹਲਕਾ ਇੰਚਾਰਜ ਸ. ਰਵੀਪ੍ਰੀਤ ਸਿੰਘ ਸਿੱਧੂ ਦੀ ਅਗਵਾਈ ਵਿੱਚ ਹੋ ਰਹੀ ਇਸ ਰੈਲੀ ਵਿੱਚ ਵਾਰਡ ਨੰਬਰ 4 ਅਤੇ ਸਮੁੱਚੇ ਸ਼ਹਿਰ ਤੋਂ 500 ਤੋਂ ਵੱਧ ਬੀਬੀਆਂ ਜਥੇ ਦੇ ਰੂਪ ਵਿੱਚ ਸ਼ਾਮਲ ਹੋਣਗੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਤਲਵੰਡੀ ਸਾਬੋ ਦੇ ਸੀਨੀਅਰ ਅਕਾਲੀ ਆਗੂ ਅਤੇ ਮੈਡੀਕਲ ਪ੍ਰੈਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਬਲਾਕ ਤਲਵੰਡੀ ਸਾਬੋ ਪ੍ਰਧਾਨ ਡਾਕਟਰ ਗੁਰਮੇਲ ਸਿੰਘ ਘਈ ਇੱਕ ਗੱਲਬਾਤ ਰਾਹੀਂ ਸਾਂਝਾ ਕੀਤਾ। ਪੰਜਾਬ ਬਚਾਓ ਰੈਲੀ ਬਾਰੇ ਜਾਣਕਾਰੀ ਦਿੰਦਿਆਂ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਖਾਲਸਾ ਸਾਜਨਾ ਦਿਵਸ ਮੌਕੇ ਕੀਤੀ ਜਾ ਰਹੀ ਕਾਨਫਰੰਸ ਤੋਂ ਪਹਿਲਾਂ ਇੱਕ ਵਿਸ਼ਾਲ ਰੈਲੀ 11 ਅਪ੍ਰੈਲ ਨੂੰ ਕੀਤੀ ਜਾ ਰਹੀ ਹੈ ਜਿਸ ਵਿੱਚ ਪੰਜਾਬ ਭਰ ਤੋਂ ਆਗੂ ਤੇ ਵਰਕਰ ਪਹੁੰਚ ਰਹੇ ਹਨ। ਉਨ੍ਹਾਂ ਦੱਸਿਆ ਕਿ ਤਲਵੰਡੀ ਸਾਬੋ ਵਾਰਡ ਨੰਬਰ 4 ਵਿੱਚੋਂ ਬੀਬੀ ਸੁਖਜਿੰਦਰ ਕੌਰ ਅਤੇ ਡਾ. ਗੁਰਮੇਲ ਸਿੰਘ ਘਈ ਦੀ ਅਗਵਾਈ ਵਿੱਚ ਇਹ ਜਥਾ ਢੋਲ, ਨਗਾਰਿਆਂ ਨਾਲ ਡਾ. ਘਈ ਵਾਲੇ ਚੌਕ ਤੋਂ ਰੈਲੀ ਤੱਕ ਕਾਫਲੇ ਦੇ ਰੂਪ ਵਿੱਚ ਜਾਣਗੇ। ਉਨ੍ਹਾਂ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਸਾਡਾ ਮੰਨਣਾ ਹੈ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਤੈਅ ਹੈ ਕਿਉਂਕਿ ਗਰੀਬ, ਮਜ਼ਦੂਰ, ਦੁਕਾਨਦਾਰ, ਕਿਸਾਨ ਅਤੇ ਸਮੁੱਚੇ ਮੁਲਾਜ਼ਮ ਭਾਈਚਾਰਾ ਆਪ ਸਰਕਾਰ ਤੋਂ ਦੁਖੀ ਹਨ। ਡਾ. ਘਈ ਨੇ ਕਿਹਾ ਕਿ ਸ੍ਰ. ਸੁਖਬੀਰ ਸਿੰਘ ਬਾਦਲ ਵਲੋਂ ਪਿਛਲੀਆਂ ਰੈਲੀਆਂ ਵਿੱਚ ਉਨ੍ਹਾਂ ਨੇ ਵਾਰ-ਵਾਰ ਕਿਹਾ ਕਿ ਸਰਕਾਰ ਆਉਣ 'ਤੇ ਨਸ਼ਿਆਂ ਦੇ ਖ਼ਿਲਾਫ਼ ਕੜੀ ਕਾਰਵਾਈ ਕੀਤੀ ਜਾਵੇਗੀ ਅਤੇ ਨਸ਼ਾ ਤਸਕਰੀ ਖ਼ਤਮ ਕੀਤੀ ਜਾਵੇਗੀ। ਗੈਂਗਸਟਰ ਰਾਜ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਪੰਜਾਬ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਦੇ ਵਾਅਦੇ ਕੀਤੇ। ਕਿਸਾਨਾਂ ਲਈ ਸਹਾਇਤਾ, ਫਸਲਾਂ ਦੇ ਵਧੀਆ ਭਾਅ, ਕਰਜ਼ੇ ਤੋਂ ਰਾਹਤ, ਖੇਤੀਬਾੜੀ ਲਈ ਨਵੀਆਂ ਯੋਜਨਾਵਾਂ, ਨੌਜਵਾਨਾਂ ਲਈ ਰੋਜ਼ਗਾਰ, ਬਿਜਲੀ ਅਤੇ ਵਿਕਾਸ, ਸਸਤੀ ਜਾਂ ਮੁਫ਼ਤ ਬਿਜਲੀ ਅਤੇ ਪੰਜਾਬ ਵਿੱਚ ਨਵੇਂ ਇਨਫਰਾਸਟਰਕਚਰ ਪ੍ਰੋਜੈਕਟ ਲਿਆਂਦੇ ਜਾਣ ਦੇ ਵਾਅਦੇ ਕੀਤੇ ਗਏ ਹਨ। ਉਹਨਾਂ ਹਲਕਾ ਵਾਸੀਆਂ ਨੂੰ 11 ਅਪ੍ਰੈਲ ਵਾਲੀ ਪੰਜਾਬ ਬਚਾਓ ਰੈਲੀ ਵਿਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।



### ਨੈਸ਼ਨਲ ਅਕਾਲੀ ਦਲ ਨੇ ਰਿਦਮ ਚੱਢਾ ਨੂੰ ਸਿੱਖਿਆ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ

# ਸਿੱਖਿਆ ਵਿੰਗ ਸਕੂਲਾਂ ਦੀ ਮਨਮਾਨੀ ਦੀ ਕਰੇਗਾ ਨਿਗਰਾਨੀ - ਪਰਮਜੀਤ ਸਿੰਘ ਪੰਮਾ

ਨਵੀਂ ਦਿੱਲੀ 21 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਅਕਾਲੀ ਦਲ ਦੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਸੰਗਠਨ ਨੂੰ ਮਜ਼ਬੂਤ ? ?ਕਰਨ ਲਈ ਇੱਕ ਮਹੱਤਵਪੂਰਨ ਨਿਯੁਕਤੀ ਕੀਤੀ ਹੈ। ਉਨ੍ਹਾਂ ਨੇ ਰਿਦਮ ਚੱਢਾ ਨੂੰ ਰਾਸ਼ਟਰੀ ਅਕਾਲੀ ਦਲ ਸਿੱਖਿਆ ਵਿੰਗ, ਦਿੱਲੀ ਰਾਜ ਦਾ ਪ੍ਰਧਾਨ ਨਿਯੁਕਤ ਕੀਤਾ। ਇਸ ਮੌਕੇ ਰਾਸ਼ਟਰੀ ਸਕੱਤਰ ਵਿਕਰਾਂਤ ਮੋਹਨ, ਜਸਵੀਰ ਸਿੰਘ ਸਰਨਾ, ਦਿੱਲੀ ਪ੍ਰਦੇਸ਼ ਪ੍ਰਧਾਨ ਕੁਲਦੀਪ ਸਿੰਘ ਮਾਰਵਾਹ, ਸਕੱਤਰ ਬਲਵਿੰਦਰ ਸਿੰਘ ਸਰਨਾ, ਸਮਾਜਿਕ ਵਿੰਗ ਦੀ ਰਾਸ਼ਟਰੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ, ਭਾਵਨਾ ਧਵਨ ਅਤੇ ਸੁਨੀਤਾ ਅਰੋੜਾ ਵੀ ਮੌਜੂਦ ਸਨ। ਇਸ ਮੌਕੇ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਰਿਦਮ ਚੱਢਾ ਲੰਬੇ ਸਮੇਂ ਤੋਂ ਸਿੱਖਿਆ ਅਤੇ ਸਮਾਜਿਕ ਖੇਤਰ ਵਿੱਚ ਸਰਗਰਮੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਦਾ ਤਜਰਬਾ ਅਤੇ ਸਮਰਪਣ ਸਿੱਖਿਆ ਖੇਤਰ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਨ੍ਹਾਂ ਦੱਸਿਆ ਕਿ ਰਿਦਮ ਚੱਢਾ ਨੇ ਪ੍ਰਾਈਵੇਟ ਸਕੂਲਾਂ ਵਿੱਚ ਪ੍ਰਿੰਸੀਪਲ ਵਜੋਂ ਵੀ ਸੇਵਾ ਨਿਭਾਈ ਹੈ, ਜਿਸ ਨਾਲ ਉਨ੍ਹਾਂ ਨੂੰ ਸਿੱਖਿਆ ਪ੍ਰਣਾਲੀ ਦੀ ਡੂੰਘੀ ਸਮਝ ਮਿਲੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਨੈਸ਼ਨਲ ਅਕਾਲੀ ਦਲ ਦਾ ਉਦੇਸ਼ ਰਾਜਨੀਤੀ ਨਹੀਂ ਹੈ, ਸਗੋਂ ਬੱਚਿਆਂ ਨੂੰ ਬਿਹਤਰ ਭਵਿੱਖ ਲਈ ਸਿੱਖਿਆ ਵਿੱਚ ਸ਼ਾਮਲ ਕਰਨਾ ਹੈ ਅਤੇ ਉਨ੍ਹਾਂ ਨੂੰ ਔਨਲਾਈਨ ਗੇਮਾਂ ਵਰਗੀਆਂ ਨਕਾਰਾਤਮਕ ਗਤੀਵਿਧੀਆਂ ਤੋਂ ਦੂਰ ਰੱਖਣਾ ਹੈ। ਸੰਗਠਨ ਸਮਾਜ ਵਿੱਚ ਸਿੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਵਿੱਚ ਮਾਰਗਦਰਸ਼ਨ ਕਰਨ ਲਈ ਨਿਰੰਤਰ ਕੰਮ ਕਰ ਰਿਹਾ ਹੈ। ਪੰਮਾ ਨੇ ਕਿਹਾ ਕਿ ਸਿੱਖਿਆ ਵਿੰਗ ਦਾ ਮੁੱਖ ਉਦੇਸ਼ ਮਾਪਿਆਂ ਅਤੇ ਵਿਦਿਆਰਥੀਆਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਹੈ। ਜੇਕਰ ਕੋਈ ਸਕੂਲ ਗੈਰ-ਵਾਜਬ ਫੀਸਾਂ ਲੈਂਦਾ ਹੈ ਜਾਂ ਨਿਯਮਾਂ ਦੀ ਅਣਦੇਖੀ ਕਰਦਾ ਹੈ, ਤਾਂ ਸੰਗਠਨ ਅਜਿਹੇ ਮਾਮਲਿਆਂ ਨੂੰ ਸਬੰਧਤ ਵਿਭਾਗਾਂ ਕੋਲ ਲਿਆ ਕੇ ਹੱਲ ਯਕੀਨੀ ਬਣਾਏਗਾ। ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਬਹੁਤ ਸਾਰੇ ਸਕੂਲਾਂ ਦੀ ਮਨਮਾਨੀ ਇੰਨੀ ਵੱਧ ਗਈ ਹੈ ਕਿ ਉਹ ਆਪਣੀ ਮਰਜ਼ੀ ਨਾਲ ਫੀਸਾਂ ਵਧਾਉਂਦੇ ਹਨ ਅਤੇ ਕਿਤਾਬਾਂ ਅਤੇ ਵਰਦੀਆਂ ਦੇ ਨਾਮ 'ਤੇ ਮਾਪਿਆਂ ਤੋਂ ਬਹੁਤ ਜ਼ਿਆਦਾ ਰਕਮ ਵਸੂਲਦੇ ਹਨ। ਉਨ੍ਹਾਂ ਕਿਹਾ ਕਿ ਇਸ ਸਥਿਤੀ ਦੇ ਮੱਦੇਨਜ਼ਰ, ਨੈਸ਼ਨਲ ਅਕਾਲੀ ਦਲ ਦਾ ਸਿੱਖਿਆ ਵਿੰਗ ਇਨ੍ਹਾਂ ਮਾਮਲਿਆਂ ਦੀ ਨੇੜਿਓਂ ਨਿਗਰਾਨੀ ਕਰੇਗਾ।




ਉਨ੍ਹਾਂ ਇਹ ਵੀ ਕਿਹਾ ਕਿ, ਜੇਕਰ ਜ਼ਰੂਰੀ ਹੋਇਆ, ਤਾਂ ਮਾਪੇ ਆਪਣੀ ਆਵਾਜ਼ ਚੁੱਕਣ, ਸਬੰਧਤ ਅਧਿਕਾਰੀਆਂ ਨੂੰ ਸ਼ਿਕਾਇਤ ਕਰਨ ਅਤੇ ਠੋਸ ਕਾਰਵਾਈ ਦੀ ਮੰਗ ਕਰਨ ਵਿੱਚ ਸ਼ਾਮਲ ਹੋਣਗੇ।

ਪਰਮਜੀਤ ਸਿੰਘ ਪੰਮਾ ਨੇ ਦੋਸ਼ ਲਗਾਇਆ ਹੈ ਕਿ ਰਾਜਧਾਨੀ ਦੇ ਬਹੁਤ ਸਾਰੇ ਨਿੱਜੀ ਸਕੂਲ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਬੱਚਿਆਂ ਨਾਲ ਵਿਤਕਰਾ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਸ਼ਿਕਾਇਤਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ ਕਿ ਈਡਬਲਯੂਐਸ ਕੋਟੇ ਅਧੀਨ ਦਾਖਲ ਬੱਚਿਆਂ ਦੇ ਦਾਖਲੇ ਰੱਦ ਕੀਤੇ ਜਾ ਰਹੇ ਹਨ। ਪੰਮਾ ਨੇ ਇਸ ਮਾਮਲੇ ਨੂੰ ਗੰਭੀਰ ਦੱਸਦਿਆਂ ਕਿਹਾ ਕਿ ਇਹ ਬੱਚਿਆਂ ਦੇ ਸਿੱਖਿਆ ਦੇ ਅਧਿਕਾਰ ਦੀ ਉਲੰਘਣਾ ਕਰਦਾ ਹੈ। ਉਨ੍ਹਾਂ ਮੰਗ ਕੀਤੀ ਕਿ ਸਬੰਧਤ ਵਿਭਾਗ ਅਜਿਹੇ ਸਕੂਲਾਂ ਵਿਰੁੱਧ ਸਖ਼ਤ ਕਾਰਵਾਈ ਕਰੇ ਅਤੇ ਇਹ ਯਕੀਨੀ ਬਣਾਏ ਕਿ ਸਾਰੇ ਬੱਚਿਆਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਿੱਖਿਆ ਦਾ ਅਧਿਕਾਰ ਮਿਲੇ।

ਪੰਮਾ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਕੂਲਾਂ ਦੀ ਮਨਮਾਨੀ ਬੰਦ ਨਹੀਂ ਹੁੰਦੀ ਹੈ, ਤਾਂ ਸੰਗਠਨ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਰਾਹਤ ਪ੍ਰਦਾਨ ਕਰਨ ਲਈ ਅਜਿਹੇ ਸਕੂਲਾਂ ਵਿਰੁੱਧ ਪ੍ਰਦਰਸ਼ਨ ਕਰਨ ਤੋਂ ਝਿਜਕੇਗਾ ਨਹੀਂ। ਪੰਮਾ ਨੇ ਕਿਹਾ ਕਿ ਸਿੱਖਿਆ ਵਿੰਗ ਪਾਰਦਰਸ਼ਤਾ ਲਿਆਉਣ ਅਤੇ ਸਿੱਖਿਆ ਪ੍ਰਣਾਲੀ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਲਈ ਵੀ ਕੰਮ ਕਰੇਗਾ। ਬੱਚਿਆਂ ਨੂੰ ਬਿਹਤਰ ਸਿੱਖਿਆ, ਸੁਰੱਖਿਅਤ ਵਾਤਾਵਰਣ ਅਤੇ ਨੈਤਿਕ ਕਦਰਾਂ-ਕੀਮਤਾਂ ਪ੍ਰਦਾਨ ਕਰਨਾ ਸੰਗਠਨ ਦੀ ਤਰਜੀਹ ਹੋਵੇਗੀ। ਪੰਮਾ ਨੇ ਇਹ ਵੀ ਕਿਹਾ ਕਿ ਨੈਸ਼ਨਲ ਅਕਾਲੀ ਦਲ ਜਲਦੀ ਹੀ ਹੋਰ ਵਿੰਗਾਂ ਦਾ ਐਲਾਨ ਕਰੇਗਾ, ਜੋ ਸੰਗਠਨ ਨੂੰ ਹੋਰ ਮਜ਼ਬੂਤ ? ?ਕਰੇਗਾ। ਇਸ ਜ਼ਿੰਮੇਵਾਰੀ ਲਈ ਰਾਸ਼ਟਰੀ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ, ਰਿਦਮ ਚੱਢਾ ਨੇ ਕਿਹਾ ਕਿ ਉਹ ਸਿੱਖਿਆ ਦੇ ਖੇਤਰ ਨੂੰ ਅੱਗੇ ਵਧਾਉਣ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਵਿੱਚ ਮਾਰਗਦਰਸ਼ਨ ਕਰਨ ਲਈ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਕੰਮ ਕਰੇਗੀ। ਉਸਨੇ ਕਿਹਾ ਕਿ ਉਹ ਮਾਪਿਆਂ ਅਤੇ ਵਿਦਿਆਰਥੀਆਂ ਵਿਚਕਾਰ ਸੰਚਾਰ ਵਧਾਉਣ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਵਿਸ਼ੇਸ਼ ਯਤਨ ਕਰੇਗੀ।

### ਯਾਦਗਾਰੀ ਹੋ ਨਿਬੜਿਆ ਪਿੰਡ ਮਹਾਲਮ ਦਾ ਜੋੜ ਮੇਲਾ ਜਿਸ ਵਿਚ ਮਹਾਂਪੁਰਖ ਸ਼੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਰੱਤੋ ਕੇ ਵਾਲਿਆਂ ਦੀ ਮਿੱਠੀ ਯਾਦ ਵਿਚ ਜੋੜ ਮੇਲਾ


# ਭਾਰੀ ਗਿਣਤੀ ਵਿਚ ਸੰਗਤਾਂ ਨੇ ਭਰੀ ਹਾਜ਼ਰੀ

ਫ਼ਿਰੋਜ਼ਪੁਰ, 21 ਮਾਰਚ (ਮਨੋਹਰ ਲਾਲ) :— ਯਾਦਗਾਰੀ ਹੋ ਨਿਬੜਿਆ ਪਿੰਡ ਮਹਾਲਮ ਦਾ ਸਲਾਨਾ ਜ਼ੋੜ ਮੇਲਾ, ਜਿਸ ਵਿਚ ਮਹਾਂ ਪੁਰਖ ਸ਼੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ ਰੱਤੋ ਕੇ ਵਾਲਿਆਂ ਦੀ ਮਿੱਠੀ ਯਾਦ ਵਿਚ ਜ਼ੋੜ ਮੇਲੇ ਵਿਚ ਭਾਰੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਹ ਜ਼ੋੜ ਮੇਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕਰਵਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠਾਂ ਦੀਆਂ ਲੜੀਆਂ ਦੇ ਭੋਗ ਪਾਏ ਗਏ, ਭੋਗ ਉਪਰੰਤ ਖੁੱਲੇ ਪੰਡਾਲ ਵਿਚ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ 20 ਮਾਰਚ ਰਾਤ ਦੇ ਦੀਵਾਨਾਂ ਵਿਚ ਭਾਈ ਭੁਪਿੰਦਰ ਸਿੰਘ ਪਾਰਸਮਨੀ ਨੇ ਢਾਰੀ ਵਾਰਾਂ ਰਾਹੀਂ ਸੰਗਤਾਂ ਨੂੰ ਵਾਹ—ਵਾਹ ਖੱਟੀ। ਇਸੇ ਤਰ੍ਹਾਂ 21 ਮਾਰਚ ਨੂੰ ਦਿਨ ਦੇ ਦੀਵਾਨਾਂ ਵਿਚ ਕਵੀਸ਼ਰੀ ਜਥਾ ਗਿਆਨੀ ਗੁਰਕੀਰਤ ਸਿੰਘ ਡਬਲ ਐਮ.ਏ ਪਹਿਲੇ ਦਿਨ ਦੇ ਦੀਵਾਨਾਂ ਦੀ ਹਾਜ਼ਰੀ ਭਰੀ, ਜਿਸ ਨੂੰ ਸੰਗਤ ਨੇ ਨੋਟਾਂ ਰਾਹੀਂ ਸਵਾਗਤ ਕਰਕੇ ਮਾਨ—ਸਨਮਾਨ ਕੀਤਾ ਅਤੇ ਖੂਬ ਵਾਹ—ਵਾਹ ਖੱਟੀ, ਫਿਰ ਵਾਰੀ ਆਈ ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਜੀ ਪਦਮ ਨੇ ਵੀ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸੇ ਤਰ੍ਹਾਂ ਮਾਝਾ ਅਤੇ ਮਾਲਵੇ ਦੀਆਂ ਕਬੱਡੀ ਟੀਮਾਂ ਦੇ ਵਿਚਕਾਰ ਮੈਚ ਖੇਡਿਆ ਗਿਆ, ਜਿਸ ਵਿਚ ਜੇਤੂ ਟੀਮ ਨੂੰ ਸਨਮਾਨਿਤ ਕੀਤਾ। ਇਹ ਜ਼ੋੜ ਮੇਲੇ ਵਿਚ ਸਾਰੇ ਪਿੰਡ ਦਾ ਇਤਫਾਕ ਨਾਲ ਪ੍ਰਬੰਧਕ ਕਮੇਟੀ ਬਨਾਈ ਜਾਂਦੀ ਹੈ ਜ਼ੋ ਕਿ ਲਗਾਤਾਰ 8 ਦਿਨ ਸਾਰੇ ਪਿੰਡ ਦਾ ਲੰਗਰ ਗੁਰੂ ਘਰ ਵਿਚ ਹੁੰਦਾ ਹੈ ਅਤੇ ਸਾਰਾ ਪਿੰਡ ਹੀ ਲੰਗਰ 8 ਦਿਨ ਲਗਾਤਾਰ ਛਕਦਾ ਹੈ ਅਤੇ ਜਿਹੜੀ ਵੀ ਸੰਗਤ ਇਥੇ ਸੁਖਣਾ ਸੁਖ ਕੇ ਜਾਂਦੀ ਹੈ, ਪੂਰੀ ਹੁੰਦੀ ਹੈ ਅਤੇ ਹਰ ਸਾਲ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਗਿਣਤੀ ਵੱਧ ਹੁੰਦੀ ਹੈ। ਇਸ ਮੌਕੇ ਤੇ ਸਚਖੰਡ ਵਾਸੀ ਧੰਨ—ਧੰਨ ਬਾਬਾ ਸ਼ਿੰਗਾਰਾ ਸਿੰਘ ਦੇ ਮੌਜੂਦਾ ਮੁਖੀ ਸੰਤ ਬਾਬਾ ਦਾਰਾ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਗਤਾਂ ਨੂੰ ਦਰਸ਼ਨ ਦਿੱਤੇ। ਇਸ ਮੌਕੇ ਤੇ 22 ਮਾਰਚ ਸ਼ਾਮ ਨੂੰ ਨਿਹੰਗਾਂ ਸਿੰਘਾਂ ਵੱਲੋਂ ਘੋੜਿਆਂ ਦੇ ਜ਼ੌਹਰ ਅਤੇ ਮਹੱਲਾ ਕੱਢਿਆ ਜਾਵੇਗਾ। ਇਸ ਮੌਕੇ ਤੇ ਜ਼ੋੜ ਮੇਲਾ ਪ੍ਰਬੰਧਕ ਕਮੇਟੀ ਨੇ ਸਮੂਹ ਆਏ ਹੋਏ ਢਾਡੀ ਅਤੇ ਕਵੀਸ਼ਰੀ ਜਥਿਆਂ ਨੂੰ ਆਇਆ ਆਖਿਆ ਅਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।









# ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਸਲਾਨਾ ਨਤੀਜਾ ਐਲਾਨਿਆ ਗਿਆ



**ਚੌਂਕ ਮਹਿਤਾ, 21 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਵਿਖੇ ਸੈਸ਼ਨ 2025-26 ਦਾ ਸਲਾਨਾ ਨਤੀਜਾ ਐਲਾਨਿਆ ਗਿਆ। ਇਸ ਸਲਾਨਾ ਦਾ ਆਯੋਜਨ ਸਕੂਲ ਗਰਾਊਂਡ ਵਿੱਚ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਦਾ ਪਾਠ ਸਰਵਣ ਕਰਕੇ ਕੀਤੀ ਗਈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ. ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮਾਪਿਆਂ ਨੂੰ ਜੀ ਆਇਆ ਆਖਿਆ ਤੇ ਆਪਣਾ ਕੀਮਤੀ ਸਮਾਂ ਕੱਢ ਕੇ ਆਉਣ ਤੇ ਮਾਪਿਆਂ ਦਾ ਧੰਨਵਾਦ ਵੀ ਕੀਤਾ। ਦਸ਼ਮੇਸ਼ ਸੰਸਥਾਵਾਂ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਜੀ ਤੇ ਪ੍ਰਿੰਸੀਪਲ ਗੁਰਬੀਰ ਕੌਰ ਵੱਲੋਂ ਨਰਸਰੀ ਤੋਂ ਗਿਆਰਵੀਂ ਜਮਾਤ ਤੱਕ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਵਿੱਚ 85% ਵਿਦਿਆਰਥੀਆਂ ਦੁਆਰਾ 100% ਨੰਬਰ ਲੈ ਕੇ ਆਪਣੀ ਸਲਾਨਾ ਪ੍ਰੀਖਿਆ ਪਾਸ ਕੀਤੀ। ਜੋ ਕਿ ਸਕੂਲ ਵਾਸਤੇ ਬਹੁਤ ਹੀ ਮਾਣ ਵਾਲੀ ਗੱਲ ਹੈ। ਇਸ ਮੌਕੇ ਵਿਦਿਆਰਥੀਆਂ ਤੇ ਮਾਪਿਆਂ ਦੇ ਚਿਹਰਿਆਂ ਤੇ ਉਤਸ਼ਾਹ ਤੇ ਖੁਸ਼ੀ ਦੀ ਲਹਿਰ ਦੇਖੀ ਗਈ। ਸਕੂਲ ਮੈਨੇਜਮੈਂਟ ਵੱਲੋਂ ਸਕੂਲ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਕੂਲ ਦੀਆਂ ਪ੍ਰਾਪਤੀਆਂ ਤੋਂ ਮਾਪਿਆਂ ਨੂੰ ਜਾਣੂ ਕਰਵਾਇਆ ਗਿਆ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਵੱਲੋਂ ਪੁਜੀਸ਼ਨ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਗਈ ਅਤੇ ਭਵਿੱਖ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਦਸ਼ਮੇਸ਼ ਵਿਦਿਅਕ ਸੰਸਥਾਵਾ ਦੇ ਡਾਇਰੈਕਟਰ ਸ੍ਰੀ ਲਕਸ਼ਮਣ ਸਿੰਘ ਰਾਵਤ, ਪ੍ਰਿੰਸੀਪਲ ਮੈ.ਗੁਰਬੀਰ ਕੌਰ, ਮੈ.ਹਰਪ੍ਰੀਤ ਕੌਰ ,ਕੌਆਰਡੀਨੇਟਰ ਮੈ.ਰਵਿੰਦਰ ਕੌਰ, ਸਰ. ਅੰਮ੍ਰਿਤਪਾਲ ਸਿੰਘ ,ਮੈ. ਸੁਧਾ ਸ਼ਰਮਾ ਅਤੇ ਮੈ.ਰਾਕੇਸ਼ ਬਾਵਾ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਧਾਰਮਿਕ ਗ੍ਰੰਥਾਂ ਦੀਆਂ ਲਗਾਤਾਰ ਹੋ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਤੇ ਕਾਨੂੰਨ ਬਣਾਉਣ ਲਈ ਹਜ਼ੂਰੀ ਰਾਗੀ ਸਿੰਘਾਂ ਨੇ ਮੁੱਖ ਮੰਤਰੀ ਪੰਜਾਬ ਤੋਂ ਕੀਤੀ ਮੰਗ

## ਬੇਅਦਬੀਆਂ ਇਕ ਬਹੁਤ ਵੱਡੀ ਚਿੰਤਾ ਦਾ ਵਿਸ਼ਾ-ਭਾਈ ਗੁਰਦੇਵ ਸਿੰਘ ਕੋਹਾੜਕਾ



**ਜੰਡਿਆਲਾ ਗੁਰੂ, 21 ਮਾਰਚ ( ਕੁਲਵੰਤ ਸਿੰਘ ਵਿਰਦੀ )**-ਪਿਛਲੇ ਕਈ ਸਾਲਾਂ ਤੋਂ ਪੰਜਾਬ ਅੰਦਰ ਧਾਰਮਿਕ ਗ੍ਰੰਥਾਂ ਦੀਆਂ ਲਗਾਤਾਰ ਹੋ ਰਹੀਆਂ ਬੇਅਦਬੀਆਂ ਇਕ ਬਹੁਤ ਵੱਡੀ ਚਿੰਤਾ ਦਾ ਵਿਸ਼ਾ ਹੈ ਅਤੇ ਇਨਾਂ ਲਗਾਤਾਰ ਹੋ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਦੇ ਵਿਰੋਧ ਵਿੱਚ ਪੰਜਾਬ ਅੰਦਰ ਲਗਾਤਾਰ ਪੰਜਾਬ ਵਾਸੀਆਂ ਅਤੇ ਸਮੂਹ ਸਾਂਤੀ ਪਸੰਦ ਜਥੇਬੰਦੀਆਂ ਵੱਲੋਂ ਅਵਾਜ਼ ਉਠਾਈ ਜਾ ਰਹੀ ਹੈ । ਇਸ ਦੇ ਚਲਦਿਆਂ ਅੱਜ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਸਿੰਘਾਂ ਵੱਲੋਂ ਬੇਅਦਬੀਆਂ ਰੋਕੂ ਕਾਨੂੰਨ ਬਣਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮੂਹਿਕ ਅਰਦਾਸ ਕੀਤੀ ਗਈ । ਉਪਰੰਤ ਸਮੂਹ ਰਾਗੀ ਸਾਹਿਬਾਨ ਸਰਕਟ ਹਾਊਸ ਵਿਖੇ ਮੁੱਖ ਮੰਤਰੀ ਪੰਜਾਬ ਸ੍ਰ: ਭਗਵੰਤ ਸਿੰਘ ਮਾਨ ਨੂੰ ਸਰਕਟ ਹਾਊਸ ਵਿਖੇ ਮਿਲੇ ਅਤੇ ਮਿਲ ਕੇ ਇਨਾਂ ਬੇਅਦਬੀਆਂ ਉਪਰ ਜਲਦੀ ਤੋਂ ਜਲਦੀ ਬੇਅਦਬੀ ਰੋਕੂ ਕਾਨੂੰਨ ਬਣਾਉਣ ਲਈ ਕਿਹਾ ਗਿਆ । ਇਸ ਮੌਕੇ ਹਾਜ਼ਰ ਧਾਰਮਿਕ ਸ਼ਖ਼ਸੀਅਤਾਂ ਵਿੱਚ ਭਾਈ ਜਸਵੰਤ ਸਿੰਘ ਜੀ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਜੀ ਕੋਹਾੜਕਾ ਹਜ਼ੂਰੀ ਰਾਗੀ, ਭਾਈ ਮਨਜੀਤ ਸਿੰਘ ਜੀ ਪਠਾਨਕੋਟ ਵਾਲੇ , ਭਾਈ ਇਕਬਾਲ ਸਿੰਘ ਜੀ ਮਨਾਵਾਂ ,ਹਜ਼ੂਰੀ ਰਾਗੀ ਭਾਈ ਸੁਖਵਿੰਦਰ ਸਿੰਘ ਜੀ ਜੰਡਿਆਲਾ, ਭਾਈ ਅਜਮੇਰ ਸਿੰਘ ਜੀ ਬੂਟਾ, ਭਾਈ ਗੁਰਮੀਤ ਸਿੰਘ ਜੀ, ਭਾਈ ਬਲਰਾਜ ਸਿੰਘ , ਸ੍ਰ : ਕੁਲਦੀਪ ਸਿੰਘ ਜੀ ਬਾਜਵਾ ਅਤੇ ਵਿਸੇਸ਼ ਤੌਰ ਤੇ ਭਾਈ ਦੀਦਾਰ ਸਿੰਘ ਮਨਾਵਾਂ ਅਤੇ ਆਦਿ ਪੰਥ ਦਰਦੀ ਸਾਂਤੀ ਪਸੰਦ ਭਾਈਚਾਰਾ ਵਿਸ਼ੇਸ਼ ਕਰਕੇ ਪਹੁੰਚਿਆ।

# ਬੀਜੇਪੀ ਵੱਲੋਂ ਅਰਵਿੰਦ ਕੇਜਰੀਵਾਲ ਨੂੰ ਬਦਨਾਮ ਕਰਨ ਲਈ ਰਚੀ ਸਾਜ਼ਿਸ਼ ਦਾ ਪਰਦਾਫਾਸ਼: ਹਰਪ੍ਰੀਤ ਸਿੰਘ ਗੋਰਾ

ਤਲਵੰਡੀ ਸਾਬੋ, 21 ਮਾਰਚ (ਗੁਰਜੰਟ ਸਿੰਘ ਨਥੇਹਾ)- ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ. ਹਰਪ੍ਰੀਤ ਸਿੰਘ ਗੋਰਾ ਨੇ ਦਾਅਵਾ ਕੀਤਾ ਕਿ ਦਿੱਲੀ ਦੇ ਕਥਿਤ ਸ਼ਰਾਬ ਘੁਟਾਲੇ ਸਬੰਧੀ ਭਾਰਤੀ ਜਨਤਾ ਪਾਰਟੀ ਵੱਲੋਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਹੋਰ ਸੀਨੀਅਰ ਆਗੂਆਂ ਨੂੰ ਬਦਨਾਮ ਕਰਨ ਲਈ ਰਚੀ ਗਈ ਸਾਜ਼ਿਸ਼ ਹੁਣ ਬੇਨਕਾਬ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਤਤਕਾਲੀ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਲਾਗੂ ਕੀਤੀ ਐਕਸਾਈਜ਼ ਪਾਲਿਸੀ ਦਾ ਉਦੇਸ਼ ਦਿੱਲੀ ਦੇ ਖ਼ਜ਼ਾਨੇ ਨੂੰ ਮਜ਼ਬੂਤ ਕਰਨਾ ਸੀ, ਪਰ ਕੇਂਦਰ ਸਰਕਾਰ ਵੱਲੋਂ ਇਸਨੂੰ ਘੁਟਾਲਾ ਕਰਾਰ ਦਿੱਤਾ ਗਿਆ। ਗੋਰਾ ਨੇ ਦੋਸ਼ ਲਗਾਇਆ ਕਿ ਜਿਸ ਘੁਟਾਲੇ ਦੀ ਹਕੀਕਤ ਵਿੱਚ ਕੋਈ ਪੁਸ਼ਟੀ ਨਹੀਂ ਹੋਈ, ਉਸਦੇ ਆਧਾਰ 'ਤੇ ਇੱਕ ਮੁੱਖ ਮੰਤਰੀ ਨੂੰ ਜੇਲ੍ਹ ਭੇਜਣਾ ਹੁਣ ਲੋਕਾਂ ਸਾਹਮਣੇ ਆ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸੱਚਾਈ ਨੂੰ ਲੰਮੇ ਸਮੇਂ ਤੱਕ ਲੁਕਾਇਆ ਨਹੀਂ ਜਾ ਸਕਦਾ ਅਤੇ ਪਾਰਟੀ ਵੱਲੋਂ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਇਸ ਮਾਮਲੇ ਬਾਰੇ ਜਾਣੂ ਕਰਵਾਇਆ ਜਾਵੇਗਾ। ਹਰਪ੍ਰੀਤ ਸਿੰਘ ਗੋਰਾ ਨੇ ਦੱਸਿਆ ਕਿ ਪਿੰਡ ਪੱਕਾ ਕਲਾਂ ਵਿੱਚ ਕੀਤੇ ਗਏ ਇਕ ਪ੍ਰੋਗਰਾਮ ਦੌਰਾਨ ਕੇਂਦਰ ਸਰਕਾਰ ਵੱਲੋਂ ਵਿਰੋਧੀ ਪਾਰਟੀ ਨੂੰ ਬਦਨਾਮ ਕਰਨ ਦੇ ਮਾਮਲੇ ਅਤੇ ਉੱਚ ਅਦਾਲਤ ਵੱਲੋਂ ਕੀਤੀਆਂ ਟਿੱਪਣੀਆਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੂੰ ਹਕੀਕਤ ਦਾ ਅਹਿਸਾਸ ਹੋ ਰਿਹਾ ਹੈ। ਇਸ ਮੌਕੇ ਬਲਾਕ ਸੰਮਤੀ ਮੈਂਬਰ ਠਾਣਾ ਸਿੰਘ, ਯੂਥ ਪ੍ਰਧਾਨ ਵਿਪਨ ਕੁਮਾਰ, ਨਾਹਰ ਸਿੰਘ, ਰਣਜੀਤ ਸਿੰਘ ਰਣੀਆ ਸਮੇਤ ਪਿੰਡ ਪੱਕਾ ਕਲਾਂ ਦੇ ਕਈ ਨਿਵਾਸੀ ਹਾਜ਼ਰ ਸਨ।

### ਕਿਡਸ ਕਿਗਡਮ ਕੋਨਵੈਂਟ ਸਕੂਲ ਦੀ

# ਨਵੀਂ ਬਰਾਂਚ ਤੇ ਸੁਖਮਣੀ ਸਾਹਿਬ ਜੀ ਦੇ ਪਾਠ ਕਰਵਾਏ






**ਫ਼ਿਰੋਜ਼ਪੁਰ, 21 ਮਾਰਚ (ਮਨੋਹਰ ਲਾਲ)** :— ਸਿੱਖਿਆ ਦੇ ਖੇਤਰ ਵਿਚ ਨਵੀਂ ਪਹਿਲ ਅਤੇ ਇਲਾਕੇ ਦੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਦੇ ਮਨੋਰਥ ਨਾਲ ਇਲਾਕੇ ਵਿਚ ਵਿਦਿਆ ਦਾ ਚਾਨਣ ਬਿਖੇਰ ਰਹੀ ਕਿਡਸ ਕਿਗਡਮ ਕੋਨਵੈਂਟ ਸਕੂਲ ਦੀ ਨਵੀਂ ਬਰਾਂਚ ਤੇ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ। ਇਸ ਸਕੂਲ ਦੇ ਪ੍ਰਬੰਧਕਾਂ ਜਿਨ੍ਹਾਂ ਵਿਚ ਚੇਅਰਮੈਨ ਹੰਸ ਰਾਜ ਸੋਖਲ, ਪ੍ਰਿੰਸੀਪਲ ਰਾਬਿਨਸਨ ਜ਼ੋਸੇਫ, ਡਾਇਰੈਕਟਰ ਡਾਕਟਰ ਕਮਲ ਕਿਸ਼ੋਰ ਵਰਮਾ ਅਤੇ ਵਰੂਣ ਸੋਖਲ ਦੀ ਸੁਚੱਜੀ ਅਗਵਾਈ ਹੇਠ ਇਲਾਕੇ ਭਰ ਦੇ ਬੱਚੇ ਅਤੇ ਬੱਚਿਆਂ ਦੇ ਮਾਪਿਆਂ ਦੀਆਂ ਮੰਗਾਂ ਨੂੰ ਧਿਆਨ ਵਿਚ ਰੱਖਦਿਆਂ ਕਿਡਸ ਕਿਗਡਮ ਸਕੂਲ ਜ਼ੋ ਕਿ ਪਿਛਲੇ 16 ਸਾਲਾਂ ਤੋਂ ਸਿੱਖਿਆ ਦੇ ਖੇਤਰ ਵਿਚ ਨਵੀਂ ਪਹਿਲ ਕਰਦਿਆਂ ਨਵੀਂ ਬਰਾਂਚ ਦੀ ਸਥਾਪਨਾ ਕੀਤੀ ਗਈ ਹੈ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਸੁਖਮਣੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਭੋਗ ਉਪਰੰਤ ਸਕੂਲ ਦੇ ਚੇਅਰਮੈਨ ਹੰਸ ਰਾਜ ਸੋਖਲ ਨੇ ਸਭ ਤੋਂ ਪਹਿਲਾਂ ਆਏ ਹੋਏ ਸ਼ਹਿਰ ਦੇ ਪਤਵੰਤੇ ਬੱਚੇ ਅਤੇ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਅਤੇ ਆਖਿਆ ਕਿ ਭਾਵੇਂ ਕਿ ਇਹ ਸਕੂਲ ਪਿਛਲੇ 16 ਸਾਲਾਂ ਤੋਂ ਚੱਲ ਰਿਹਾ ਹੈ, ਪਰ ਇਲਾਕੇ ਭਰ ਦੇ ਲੋਕਾਂ ਅਤੇ ਬੱਚੇ ਤੇ ਬੱਚਿਆਂ ਦੇ ਮਾਪਿਆਂ ਦੀਆਂ ਮੰਗਾਂ ਤੇ ਵਿਚਾਰ ਕਰਦਿਆਂ ਨਵੀਂ ਬਰਾਂਚ ਇਸੇ ਸਕੂਲ ਦੀ ਨਵੀਂ ਬਰਾਂਚ ਜ਼ੋ ਕਿ ਮਲੋਟ ਵਿਚ ਬੁਰਜਾ ਰੋਡ ਤੇ ਖੋਲੀ ਹੈ, ਜਿਸ ਵਿਚ ਖੁੱਲਾ ਮੈਦਾਨ ਬੱਚਿਆਂ ਦੇ ਖੇਡਣ ਲਈ, ਹਵਾਦਾਰ ਕਮਰੇ, ਹਰ ਤਰ੍ਹਾਂ ਦੇ ਲੈਬ, ਬੱਚਿਆਂ ਨੂੰ ਲਿਆਉਣ—ਲਿਜਾਣ ਲਈ ਚੰਗੀਆਂ ਬੱਸਾਂ ਦਾ ਪ੍ਰਬੰਧ ਤੋਂ ਇਲਾਵਾ ਬੱਚਿਆਂ ਦੀ ਏ.ਸੀ ਕਮਰੇ ਤੋਂ ਇਲਾਵਾ ਹਰ ਤਰ੍ਹਾਂ ਦੀ ਸਹੂਲਤ ਬੱਚਿਆਂ ਨੂੰ ਦਿੱਤੀ ਜਾਂਦੀ ਹੈ। ਸ੍ਰੀ ਹੰਸ ਰਾਜ ਸੋਖਲ ਨੇ ਅੱਗੇ ਦੱਸਿਆ ਕਿ ਭਾਵੇਂ ਕਿ ਇਹ ਸਕੂਲ ਪਿਛਲੇ 16 ਸਾਲਾਂ ਤੋਂ ਨਜਦੀਕੀ ਪਿੰਡ ਸਿੰਘੇਵਾਲਾ ਵਿਖੇ ਚੱਲ ਰਿਹਾ ਹੈ, ਪਰ ਹੁਣ ਲੋਕਾਂ ਦੀ ਮੰਗ ਨੂੰ ਧਿਆਨ ਵਿਚ ਰੱਖਦਿਆਂ ਇਸੇ ਸਕੂਲ ਦੀ ਨਵੀਂ ਬਰਾਂਚ ਸ਼ੁਰੂ ਕੀਤੀ ਹੈ। ਇਹ ਸਕੂਲ ਆਈ.ਸੀ.ਆਈ.ਸੀ ਬੋਰਡ ਨਾਲ ਸਬੰਧਤ ਹੈ। ਚੇਅਰਮੈਨ ਸ੍ਰੀ ਹੰਸ ਰਾਜ ਸੋਖਲ ਨੇ ਸਮੂਹ ਮਲੋਟ ਦੇ ਅਤੇ ਆਸੇ—ਪਾਸੇ ਪਿੰਡ ਨਿਵਾਸੀਆਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਆਪਣੇ ਬੱਚਿਆਂ ਨੂੰ ਇਸ ਸਕੂਲ ਵਿਚ ਦਾਖਲ ਕਰਵਾਓ। ਇਸ ਮੌਕੇ ਤੇ ਸਕੂਲ ਪ੍ਰਬੰਧਕਾਂ ਵੱਲੋਂ ਲੰਗਰ ਦਾ ਖਾਸ ਪ੍ਰਬੰਧ ਕੀਤਾ ਹੋਇਆ ਸੀ।

### ਹਰਿਆਣਾ ਕਮੇਟੀ ਦੇ ਮੀਤ ਪ੍ਰਧਾਨ ਗੁਰਬੀਰ ਸਿੰਘ ਤਲਾਕੌਰ 'ਤੇ

# ਜਾਨ ਲੇਵਾ ਹਮਲਾ ਕਰਨ ਵਾਲੇ ਦੋਸ਼ੀਆਂ ਖਿਲਾਫ ਐਸ ਪੀ ਕੁਰੂਕਸ਼ੇਤਰ ਕੋਲ ਵਫ਼ਦ ਕਰਵਾਈ ਸ਼ਿਕਾਇਤ ਦਰਜ



ਬੀਤੀ ਰਾਤ ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਵਿੱਚ ਅਕਾਲੀ ਦਲ ਬਾਦਲ ਅਤੇ ਐਸਜੀਪੀਸੀ ਦੇ ਬੰਦਿਆਂ ਵੱਲੋਂ ਸਲਾਹ ਮਸ਼ਵਰਾ ਕਰਕੇ ਸੋਚੀ ਸਮਝੀ ਸਾਜਿਸ਼ ਦੇ ਤਹਿਤ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਗੁਰਬੀਰ ਸਿੰਘ ਤਲਾਕੌਰ ਯਮੁਨਾਨਗਰ ਉੱਤੇ ਜਾਨਲੇਵਾ ਹਮਲਾ ਕੀਤਾ ਗਿਆ ਮੌਕੇ ਦੀਆਂ ਵੀਡੀਓ ਸੋਸ਼ਲ ਮੀਡੀਆ ਤੇ ਰਾਤ ਤੋਂ ਹੀ ਵਾਇਰਲ ਹੋ ਰਹੀਆਂ ਹਨ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਾਉਣ ਲਈ ਅੱਜ ਇੱਕ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਸੰਗਤਾਂ ਦੇ ਵਫ਼ਦ ਨੇ ਐਸ ਪੀ ਕੁਰੂਕਸ਼ੇਤਰ ਨਾਲ ਮੁਲਾਕਾਤ ਕਰਕੇ ਸਾਰੀ ਘਟਨਾ ਤੋਂ ਜਾਣੂ ਕਰਵਾਇਆ ਅਤੇ ਸ਼ਿਕਾਇਤ ਦਰਜ਼ ਕਰਵਾਈ,ਸ਼ਿਕਾਇਤ ਦਰਜ਼ ਕਰਾਉਣ ਵਾਲਿਆਂ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਰਾਮਸਰ ਕਾਲਕਾ,ਜੂਨੀਅਰ ਮੀਤ ਪ੍ਰਧਾਨ ਗੁਰਬੀਰ ਸਿੰਘ ਤਲਾਕੌਰ ਯਮੁਨਾਨਗਰ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸੀਨੀਅਰ ਮੈਂਬਰ ਦੀਦਾਰ ਸਿੰਘ ਨਲਵੀ,ਜਥੇਦਾਰ ਸਵਰਨ ਸਿੰਘ ਬੁੰਗਾ ਮੈਂਬਰ,ਐਡਵੋਕੇਟ ਗੁਰਤੇਜ ਸਿੰਘ ਅੰਬਾਲਾ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ,ਰਜਿੰਦਰ ਸਿੰਘ ਬਰਾੜਾ ਮੈਂਬਰ,ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਰਨਲ ਸਕੱਤਰ ਲਖਵਿੰਦਰ ਸਿੰਘ ਸਤਗੌਲੀ, ਲਖਵਿੰਦਰ ਸਿੰਘ ਬਸੰਤਪੁਰਾ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ ਐਸ ਪੀ ਕੁਰੂਕਸ਼ੇਤਰ ਨਾਲ ਮੁਲਾਕਾਤ ਅਤੇ ਸ਼ਿਕਾਇਤ ਦਰਜ ਕਰਾਉਣ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਕਿਹਾ ਕੇ ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਾਇਦਾਦ ਹੈ ਇਸ ਤੇ ਨਜਾਇਜ਼ ਤੌਰ ਤੇ ਬਾਦਲ ਪਰਿਵਾਰ ਵੱਲੋਂ ਆਪਣਾ ਪਰਿਵਾਰਕ ਟਰੱਸਟ ਬਣਾ ਕੇ ਕਬਜ਼ਾ ਕੀਤਾ ਹੋਇਆ ਹੈ ਇਸ ਦਾ ਜਲਦੀ ਹੀ ਪ੍ਰਬੰਧ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਹੋਵੇਗਾ ਪਰ ਜਿਸ ਤਰੀਕੇ ਨਾਲ ਸ਼ਾਂਤਮਈ ਮਾਹੌਲ ਵਿੱਚ ਪ੍ਰਬੰਧ ਬਾਰੇ ਚੱਲ ਰਹੀ ਗੱਲਬਾਤ ਦੌਰਾਨ ਬੀਤੀ ਰਾਤ ਸ਼੍ਰੋਮਣੀ ਕਮੇਟੀ ਅਤੇ ਬਾਦਲ ਦਲ ਦੇ ਵਰਕਰਾਂ ਵੱਲੋਂ ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਬਲਦੇਵ ਸਿੰਘ ਕਿਆਮਪੁਰ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿੱਚ ਹਰਿਆਣਾ ਕਮੇਟੀ ਦੇ ਮੀਤ ਪ੍ਰਧਾਨ ਉੱਪਰ ਜਾਨਲੇਵਾ ਹਮਲਾ ਕੀਤਾ ਗਿਆ ਹੈ ਇਹ ਬਹੁਤ ਨਿਖੇਧੀਯੋਗ ਘਟਨਾ ਹੈ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਹਰਿਆਣਾ ਕਮੇਟੀ ਦੇ ਕੁਝ ਮੈਂਬਰ ਵੀ ਇਸ ਹਮਲੇ ਵਿੱਚ ਬਾਦਲ ਦਲ ਦੇ ਸਮਰਥਕਾਂ ਦੀ ਅਗਵਾਈ ਕਰਦੇ ਨਜ਼ਰ ਆਏ ਉਨਾਂ ਨੂੰ ਵੀ ਹਰਿਆਣਾ ਦੀਆਂ ਸਿੱਖ ਸੰਗਤਾਂ ਨੂੰ ਜਵਾਬ ਦੇਣਾ ਪਵੇਗਾ ਕੇ ਉਹ ਬਾਦਲ ਪਰਿਵਾਰ ਦੇ ਸਮਰਥਕ ਹਨ ਜਾਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਾਲ ਹਨ ਜਥੇਦਾਰ ਦਾਦੂਵਾਲ ਨੇ ਦੱਸਿਆ ਕੇ ਐਸ ਪੀ ਕੁਰੂਕਸ਼ੇਤਰ ਵੱਲੋਂ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕਰਨ ਦਾ ਪੂਰਾ ਭਰੋਸਾ ਦਿੱਤਾ ਗਿਆ ਹੈ

# ਸਵਰਗਵਾਸੀ ਬਾਪੂ ਕਰਨੈਲ ਸਿੰਘ ਜੀ ਦਾ ਸਮੂਹ ਪਰਿਵਾਰ ਵੱਲੋਂ ਬਸਤੀ ਅਰਮਾਨਪੁਰਾ ਆਸਲ ਵਿਖੇ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ

ਫ਼ਿਰੋਜ਼ਪੁਰ, 21 ਮਾਰਚ (ਮਨੋਹਰ ਲਾਲ) :— ਸਵਰਗਵਾਸੀ ਬਾਪੂ ਕਰਨੈਲ ਸਿੰਘ ਜੀ ਬਸਤੀ ਅਰਮਾਨਪੁਰਾ ਆਸਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਹੁਤ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਖਾਂ ਨੇ ਹਾਜ਼ਰੀ ਲੁਆਈ। ਇਸ ਮੌਕੇ ਤੇ ਸਮੂਹ ਸੰਤਾਂ ਮਹਾਂ ਪੁਰਖਾਂ ਨੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਹੇ ਵਾਹਿਗੁਰੂ ਸੱਚੇ ਪਾਤਸ਼ਾਹ ਸੰਤ ਬਾਬਾ ਭਗਤ ਮਿਲਖਾ ਸਿੰਘ ਦੇ ਸਰੀਰ ਤੇ ਜ਼ੋ ਕਸ਼ਟ ਆਇਆ ਹੈ, ਉਹ ਦੂਰ ਕਰੋ। ਉਨ੍ਹਾਂ ਨੂੰ ਹਮੇਸ਼ਾ ਤੰਦਰੁਸਤ ਕਰੋ। ਇਸ ਮੌਕੇ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਮੂਹ ਆਏ ਹੋਏ ਸੰਤਾਂ ਮਹਾਂਪੁਰਖਸ਼ਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸੰਤ ਬਾਬਾ ਭਗਤ ਮਿਲਖਾ ਸਿੰਘ, ਸਮੂਹ ਆਏ ਹੋਏ ਰਾਗੀ, ਢਾਡੀ, ਸੰਤਾਂ ਮਹਾਂਪੁਰਖਾਂ ਅਤੇ ਪਤਵੰਤੇ ਆਗੂਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਭਾਈ ਨਿਰਵੈਰ ਸਿੰਘ ਨੇ ਅਰਦਾਸ ਦੀ ਸੇਵਾ ਨਿਭਾਈ ਅਤੇ ਇੰਦਰਪਾਲ ਮੈਨੇਜਰ ਨੇ ਲੰਗਰ ਦੀ ਦੇਖ—ਰੇਖ ਦੀ ਸੇਵਾ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



# ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਫਿਰੋਜ਼ਪੁਰ ਟ੍ਰੈਫਿਕ ਪੁਲਿਸ ਨੂੰ ਭੇਂਟ ਕੀਤੇ ਬੈਰੀਕੇਡ



**ਫ਼ਿਰੋਜ਼ਪੁਰ, 21 ਮਾਰਚ (ਮਨੋਹਰ ਲਾਲ)** :-ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਵਿੱਚ ਸਹਾਇਤਾ ਲਈ ਟ੍ਰੈਫਿਕ ਪੁਲਿਸ ਫਿਰੋਜ਼ਪੁਰ ਨੂੰ ਬੈਰੀਕੇਡ ਸੌਂਪੇ। ਇਹ ਦਾਨ ਸਥਾਨਕ ਭਾਈਚਾਰੇ ਦਾ ਸਮਰਥਨ ਕਰਨ ਅਤੇ ਜਨਤਕ ਸੁਰੱਖਿਆ ਨੂੰ ਵਧਾਉਣ ਲਈ ਹਸਪਤਾਲ ਦੇ ਸੀਐਸਆਰ ਪਹਿਲਕਦਮੀ ਦੇ ਹਿੱਸੇ ਵਜੋਂ ਦਿੱਤਾ ਗਿਆ ਸੀ। ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਅਸੀਂ ਭਾਈਚਾਰੇ ਦੀ ਭਲਾਈ ਵਿੱਚ ਯੋਗਦਾਨ ਪਾਉਣ ਲਈ ਵਚਨਬੱਧ ਹਾਂ, ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਅਮਨਦੀਪ ਹੌਸਪੀਟਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਇਹ ਛੋਟਾ ਜਿਹਾ ਉਪਰਾਲਾ ਸੁਰੱਖਿਅਤ ਸੜਕਾਂ ਅਤੇ ਇੱਕ ਸਿਹਤਮੰਦ ਭਾਈਚਾਰੇ ਨੂੰ ਯਕੀਨੀ ਬਣਾਉਣ ਵੱਲ ਇੱਕ ਕਦਮ ਹੈ।ਅਸੀਂ ਟ੍ਰੈਫਿਕ ਪੁਲਿਸ ਦੇ ਯਤਨਾਂ ਦੀ ਸ਼ਲਾਘਾ ਕਰਦੇ ਹਾਂ ਅਤੇ ਆਪਣਾ ਸਮਰਥਨ ਜਾਰੀ ਰੱਖਣ ਦੀ ਉਮੀਦ ਕਰਦੇ ਹਾਂ। ਉਨ੍ਹਾਂ ਦੱਸਿਆ ਕਿ ਇਹ ਬੈਰੀਕੇਡ ਟ੍ਰੈਫਿਕ ਪੁਲਿਸ ਨੂੰ ਟ੍ਰੈਫਿਕ ਪ੍ਰਬੰਧਨ ਅਤੇ ਸਾਡੀਆਂ ਸੜਕਾਂ ਤੇ ਸੁਰੱਖਿਆ ਯਕੀਨੀ ਬਣਾਉਣ ਵਿੱਚ ਸਹਾਇਤਾ ਕਰਨਗੇ, ਇੰਸਪੈਕਟਰ ਜਸਵਿੰਦਰ ਸਿੰਘ ਜ਼ਿਲ੍ਹਾ ਟ੍ਰੈਫਿਕ ਇੰਚਾਰਜ ਅਤੇ ਡਾ: ਅਭਿਸ਼ੇਕ ਅਰੋੜਾ ਸੁਵਿਧਾ ਡਾਇਰੈਕਟਰ ਅਮਨਦੀਪ ਹਸਪਤਾਲ ਨੇ ਕਿਹਾ ਕਿ ਟ੍ਰੈਫਿਕ ਪੁਲਿਸ ਫਿਰੋਜ਼ਪੁਰ ਨੇ ਇਸ ਇਸ਼ਾਰੇ ਦੀ ਸ਼ਲਾਘਾ ਕੀਤੀ ਅਤੇ ਭਰੋਸਾ ਦਿੱਤਾ ਕਿ ਸ਼ਹਿਰ ਵਿੱਚ ਟ੍ਰੈਫਿਕ ਅਨੁਸ਼ਾਸਨ ਬਣਾਈ ਰੱਖਣ ਲਈ ਬੈਰੀਕੇਡਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਅਮਨਦੀਪ ਗਰੁੱਪ ਹੁਣ 750 ਤੋਂ ਵੱਧ ਬਿਸਤਰਿਆਂ ਦੇ ਨੈਟਵਰਕ ਵਿੱਚ ਵਧਿਆ ਹੈ, ਜਿਸ ਵਿੱਚ 170 ਤੋਂ ਵੱਧ ਮਾਹਰ ਡਾਕਟਰ ਛੇ ਥਾਵਾਂ ਤੇ ਸੇਵਾ ਕਰ ਰਹੇ ਹਨ।

# ਨਾਮਣਾ ਖੱਟਣ ਵਾਲੇ ਵਿਦਿਆਰਥੀਆਂ ਨੂੰ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਦੇ ਪ੍ਰਬੰਧ ਨੇ ਕੀਤਾ ਸਨਮਾਨਿਤ

ਫ਼ਿਰੋਜ਼ਪੁਰ, 21 ਮਾਰਚ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚਲਾਇਆ ਜਾਂਦਾ ਹੈ। ਹਾਲ ਹੀ ਵਿੱਚ ਸਕੂਲ ਵਿੱਚ ਵਿਦਿਆਰਥੀਆਂ ਲਈ ਸਿਲਵਰ ਜ਼ੋਨ ਓਲੰਪੀਆਡ 2025 ਦੀਆਂ ਪ੍ਰੀਖਿਆਵਾਂ ਕਰਵਾਈਆਂ ਗਈਆਂ, ਓਲੰਪੀਆਡ ਪ੍ਰੀਖਿਆਵਾਂ ਰੀਜਨਿੰਗ, ਗਣਿਤ, ਅੰਗਰੇਜ਼ੀ, ਹਿੰਦੀ ਜਨਰਲ ਗਿਆਨ ਅਤੇ ਵਿਗਿਆਨ ਵਰਗੇ ਵਿਸ਼ਿਆਂ ਤੇ ਅਧਾਰਿਤ ਸਨ। ਸਕੂਲ ਦੇ ਵਿਦਿਆਰਥੀਆਂ ਨੇ ਇਨ੍ਹਾਂ ਪ੍ਰੀਖਿਆਵਾਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਪ੍ਰੀਖਿਆਵਾਂ ਦਾ ਉਦੇਸ਼ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਯੋਗਤਾਵਾਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਉਤਸ਼ਾਹਿਤ ਕਰਨਾ ਸੀ। ਇਨ੍ਹਾਂ ਪ੍ਰੀਖਿਆਵਾਂ ਰਾਹੀਂ ਵਿਦਿਆਰਥੀਆਂ ਨੂੰ ਵਿਸ਼ਵ ਪੱਧਰ ਤੇ ਆਪਣੀਆਂ ਬੌਧਿਕ ਯੋਗਤਾਵਾਂ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਮਿਲਦਾ ਹੈ। ਇਨ੍ਹਾਂ ਪ੍ਰੀਖਿਆਵਾਂ ਵਿੱਚ ਪਹਿਲੀ ਜਮਾਤ ਦੀ ਵਿਦਿਆਰਥਣ ਅਹਾਨਾ ਨੇ ਆਪਣੀ ਜਮਾਤ ਵਿੱਚੋਂ ਰਾਜ ਪੱਧਰ ਅਤੇ ਜ਼ੋਨਲ ਪੱਧਰ ਤੇ ਅੰਗਰੇਜ਼ੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਓਲੰਪੀਆਡ ਵਿੱਚ ਵੀ ਪਹਿਲਾ ਸਥਾਨ ਪ੍ਰਾਪਤ ਕੀਤਾ, ਇਸ ਲਈ ਉਸ ਨੂੰ ਸੋਨੇ ਦਾ ਤਗਮਾ ਦਿੱਤਾ ਗਿਆ। ਇਸੇ ਤਰ੍ਹਾਂ ਪਹਿਲੀ ਜਮਾਤ ਦੇ ਉਦੈ ਪਾਲ ਨੇ ਆਪਣੀ ਜਮਾਤ ਵਿੱਚੋਂ ਅੰਗਰੇਜ਼ੀ ਵਿੱਚ ਦੂਜਾ ਸਥਾਨ, ਰਾਜ ਪੱਧਰ ਤੇ ਪਹਿਲਾ ਸਥਾਨ, ਜ਼ੋਨਲ ਪੱਧਰ ਤੇ ਪਹਿਲਾ ਸਥਾਨ ਅਤੇ ਓਲੰਪੀਆਡ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਇਸ ਲਈ ਉਸ ਨੂੰ ਚਾਂਦੀ ਦਾ ਤਗਮਾ ਦਿੱਤਾ ਗਿਆ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਬੱਚਿਆਂ ਨੇ ਅੰਗਰੇਜ਼ੀ, ਹਿੰਦੀ, ਸਮਾਜਿਕ ਵਿਗਿਆਨ, ਵਿਗਿਆਨ, ਜਨਰਲ ਗਿਆਨ, ਰੀਜਨਿੰਗ ਅਤੇ ਗਣਿਤ ਸਮੇਤ ਹੋਰ ਸਾਰੇ ਵਿਸ਼ਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਅਤੇ ਪ੍ਰਬੰਧਨ ਕਮੇਟੀ ਦੇ ਮੈਂਬਰ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਆਪਣੀ ਤਰੱਕੀ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ।

